DHINDSA TRAVEL
ਬਾਜ਼ਾਰ ਨਾਲੋਂ ਸਸਤੀਆਂ ਟਿਕਟਾਂ ਦੀ ਗਰੰਟੀ
Email:dhindsatravelltd@yahoo.com
Web:www.dhindsatravels.com
3 Locations Serve You
Payal Bussiness Centre #151-8120-128St, Surrey 604-599-5599
Abbotsford #104-32059 Hillcrest Ave 604-746-2727
DUKH NIVARAN SAHIB PLAZA #111-15299 68Ave 604-744-4445

+91 77175-02848
+91 98146-12006
+91 99882-68982
ਦਿੱਲੀ, ਚੰਡੀਗੜ੍ਹ, ਅੰਮ੍ਰਿਤਸਰ ਏਅਰਪੋਰਟ ਤੋਂ ਸਾਰੇ ਪੰਜਾਬ ਵਿਚ ਸਰਵਿਸ ਦਿੰਦੇ ਹਾਂ
(ਇਸ਼ਤਿਹਾਰ ਸਫਾ ਬੀ24 ਤੇ ਦੇਖੋ)
+1 778-899-1576
+1 778-207-8100
EAGLE EYE
PICK & DROP
CAR RENTALS & TAXI SERVICE 24 HOURS

Sidhu Homeopathic Clinic
Dr. Malkit Singh Sidhu D.H.M.S. (Hons.)
Dr. Kirandeep Kaur Sidhu D.H.M.S. (Pb.)
ਮਾਨਸਿਕ ਰੋਗ, ਘਬਰਾਹਟ, ਨੀਂਦ ਨਾ ਆਉਣੀ, ਦਮਾਂ, ਮੂੰਹ ਪੱਕਣਾ, ਚਮੜੀ ਰੋਗ, ਵਾਲਾਂ ਦੀ ਸਿੱਕਰੀ, ਜੋੜਾਂ ਦੇ ਦਰਦ, ਗਠੀਆ, ਯੂਰਿਕ ਐਸਿਡ, ਗੁਰਦਿਆਂ ਦੀਆਂ ਪੱਥਰੀਆਂ, ਮਰਦਾਂ ਅਤੇ ਇਸਤਰੀਆਂ ਦੇ ਰੋਗਾਂ ਅਤੇ ਨਸ਼ਾ ਛੁਡਾਉਣ ਲਈ ਹੋਮਿਓਪੈਥਿਕ ਦਵਾਈਆਂ ਨਾਲ ਇਲਾਜ ਕੀਤਾ ਜਾਂਦਾ ਹੈ।
Ph: 604-446-3154 NO SIDE EFFECTS
#109-12830-80Ave, Surrey, BC V3W 3A8 (York Centre)

ਪੰਜਾਬ ਗਾਰਡੀਅਨ ਐਬਟਸਫੋਰਡ
PUNJAB GUARDIAN
B.C Greater Vancouver, Fraser Valley, Victoria,Nanaimo Prince George, Kamloops, Kelowna, Oliver, Squamish
ALBERTA Edmonton Calgary
ONTARIO Ottawa, Brampton Toronto
QUEBEC Montreal
USA Greater Seattle, Everett, Marysville Portland, Bellingham, Belivue, Lyndon, Lynwood
Tel: 604-590-5200 Fax:604-596-5700 Toll Free: 1-877-584-5200 Vol. 32, Issue No. 34 Ending Date: Aug 22, 2025

ਲਖਜੀਤ ਸਿੰਘ ਸਾਰੰਗ
604-613-9100
Super Visa
Travel, Disability
Group Insurance
Life Insurance
Critical Illness
RESP, RRSP
TFSA, FHSA
EXPERIOR FINANCIAL GROUP INC.
LAKHJIT SARAN
604-613-9100

# ਐਬਟਸਫੋਰਡ ਵਿਖੇ ਭਾਰਤੀ ਕੌਂਸਲਰ ਦੇ ਵਿਰੋਧ ਵਿੱਚ ਹੋਇਆ ਮੁਜ਼ਾਹਰਾ




ਨਵੀਂ ਦਿੱਲੀ (ਮਨਪ੍ਰੀਤ ਸਿੰਘ ਖਾਲਸਾ)- ਖਾਲਸਾ ਦੀਵਾਨ ਸੋਸਾਇਟੀ ਕੈਨੇਡਾ ਵਲੋਂ ਗੁਰੂ ਘਰ ਐਬਟਸਫੋਰਡ ਵਿਖੇ ਗੁਰੂ ਘਰ ਦੀ ਹਦੂਦ ਅੰਦਰਲੇ ਇਕ ਹਾਲ ਵਿਚ ਸਿੱਖਾਂਦੇ ਵਿਰੋਧ ਦੇ ਬਾਵਜੂਦ ਭਾਰਤੀ ਕੌਂਸਲੇਟ ਨੂੰ ਬੁਲਾਕੇ ਕੈਂਪ ਲਗਵਾਇਆ ਗਿਆ।ਕੈਂਪ ਦਾ ਪਤਾ ਲੱਗਣ ਤੇ ਟੀਮ ਭਾਈ ਹਰਦੀਪ ਸਿੰਘ ਨਿੱਝਰ ਅਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸ੍ਰੀ ਡੇਲਟਾ ਦੇ ਮੈਂਬਰਾਂ ਨੇ ਖ਼ਾਲਿਸਤਾਨ ਸਮਰਥਕਾਂ ਸਮੇਤ ਉੱਥੇ ਪੁੱਜ ਕੇ ਭਾਰਤੀ ਕੌਂਸਲੇਟ ਦਾ ਭਾਰੀ ਵਿਰੋਧ ਕੀਤਾ।ਇਸ ਮੌਕੇ ਖਾਲਸਾਈ ਨਾਹਰਿਆ ਦੇ ਨਾਲ ਭਾਰਤੀ ਕੌਂਸਲੇਟ ਦੇ ਵਿਰੋਧ ਵਿਚ ਨਾਅਰੇ ਲਗਾਏ ਗਏ।ਭਾਈ ਨਰਿੰਦਰ ਸਿੰਘ ਖਾਲਸਾ ਅਤੇ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਨੇ ਦਸਿਆ ਕਿ ਖਾਲਿਸਤਾਨ ਸਰਮਥਕਾਂ ਨੂੰ ਰੋਕਣ ਲਈ ਖ਼ਾਲਸਾ ਦੀਵਾਨ ਸੋਸਾਇਟੀ ਦੀ ਬੇਈਮਾਨ ਅਤੇ ਵਿਕਾਊ ਕਮੇਟੀ ਵੱਲੋਂ ਹੋਣ ਵਾਲੇ ਵਿਰੋਧ ਤੋਂ ਡਰਦਿਆਂ ਸਰਕਾਰੀ ਤੌਰ ਤੇ ਕੋਰਟ ਆਰਡਰ ਤੇ ਗੁਰਦੁਆਰੇ ਤੋਂ ਚਾਰੇ ਪਾਸੇ 100 ਮੀਟਰ ਦੀ ਦੂਰੀ ਤੇ ਬੈਰੀਅਰ ਲਗਵਾ ਦਿੱਤੇ ਗਏ ਜਿਸ ਨਾਲ ਉਨ੍ਹਾਂ ਦਾ ਵਿਰੋਧ ਕਰਣ ਲਈ ਖਾਲਿਸਤਾਨ ਸਮਰਥਕ ਭਾਈ ਨਿੱਝਰ ਟੀਮ ਦੇ ਮੈਂਬਰ ਅੰਦਰ ਨਾ ਆ ਸਕਣ ਦੇ ਬਾਵਜੂਦ ਦੇ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਪ੍ਰੋਗਰਾਮ ਦਾ ਵਿਰੋਧ ਕਰਣ ਲਈ ਖਾਲਿਸਤਾਨੀ ਸਿੱਖਾਂ ਨੇ ਵਿਰੋਧ ਪ੍ਰਦਰਸ਼ਨ ਕੀਤਾ। ਇਸ ਮੌਕੇ ਉਨ੍ਹਾਂ ਦਸਿਆ ਕਿ ਕੈਨੇਡਾ ਦੀ ਧਰਤੀ 'ਤੇ ਭਾਰਤ ਦੇ ਦਹਿਸ਼ਤੀ ਨੈੱਟਵਰਕ ਨੂੰ ਬੰਦ ਕਰਨ ਲਈ ਖਾਲਿਸਤਾਨੀ ਪੱਖੀ ਸਿੱਖ ਇਹਨਾਂ ਭਾਰਤੀ ਕਾਉਂਸਲੈਟਾਂ ਦਾ ਹਰੇਕ ਜਗ੍ਹਾ ਜਾ ਕੇ ਵਿਰੋਧ ਕਰਦੇ ਹਨ । ਉਨ੍ਹਾਂ ਦਸਿਆ ਕਿ ਇਹ ਗੁਰਦੁਆਰਿਆਂ ਵਿੱਚ ਘੁਸਪੈਠ ਕਰਕੇ ਲਾਈਵ ਸਰਟੀਫਿਕੇਟ ਜਾਂ ਹੋਰ ਡਾਕੂਮੈਂਟ ਵੰਡਣ ਦੇ ਬਹਾਨੇ ਆਉਂਦੇ ਹਨ। ਰੋਸ ਮੁਜਾਹਰੇ ਦੌਰਾਨ ਰੋਹ ਵਿਚ ਆਏ ਮੁਜਾਹਕਾਰੀਆਂ ਨੇ ਗੁਰਦੁਆਰੇ ਦੇ ਬਾਹਰ ਤਿਰੰਗੇ ਝੰਡੇ ਨੂੰ ਪਾੜਿਆ ਅਤੇ ਖਾਲਿਸਤਾਨ ਦੀ ਜੰਮ ਕੇ ਨਾਅਰੇਬਾਜ਼ੀ ਕੀਤੀ। ਭਾਈ ਤੂਰ ਨੇ ਕਿਹਾ ਕਿ ਭਾਰਤੀ ਹਕੂਮਤ ਅਤੇ ਉਸ ਦੇ ਕਰਿੰਦੇ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਵਿੱਚ ਸ਼ਾਮਲ ਹਨ ਅਤੇ ਨਾਲ-ਨਾਲ ਕੈਨੇਡਾ ਦੀ ਧਰਤੀ ਤੇ ਦਖਲ-ਅੰਦਾਜ਼ੀ ਕਰਕੇ ਕੈਨੇਡਾ ਲਈ ਵੀ ਖ਼ਤਰਾ ਹਨ।ਇਸ ਲਈ ਖ਼ਾਲਸਾ ਦੀਵਾਨ ਸੋਸਾਇਟੀ ਵੱਲੋਂ ਅਹਿਜਾ ਪ੍ਰੋਗਰਾਮ ਕਰਵਾਉਣਾ ਅਤੇ ਉਸ ਵਿਚ ਭਾਰਤੀ ਕੌਂਸਲੇਟ ਅਤੇ ਉਸ ਦੇ ਕਰਿੰਦਿਆਂ ਨੂੰ ਬੁਲਾਵਾ ਦੇਣਾ ਬੇਹੱਦ ਹੀ ਨਿੰਦਣਯੋਗ ਹੈ।ਇਸ ਪ੍ਰਦਰਸ਼ਨ ਵਿਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਮਨਜਿੰਦਰ ਸਿੰਘ, ਭਾਈ ਜੰਗ ਸਿੰਘ, ਰਜਿੰਦਰ ਸਿੰਘ ਨੱਤ, ਭਾਈ ਅਜੈਪਾਲ ਸਿੰਘ ਅਤੇ ਬਾਬਾ ਬੰਦਾ ਸਿੰਘ ਬਹਾਦਰ ਗੁਰਦੁਆਰਾ ਸਾਹਿਬ ਤੋਂ ਬਾਬਾ ਰਣਜੀਤ ਸਿੰਘ ਖ਼ਾਲਸਾ, ਕਰਨੈਲ ਸਿੰਘ ਟੁੱਟ, ਭਾਈ ਜਰਨੈਲ ਸਿੰਘ, ਮਨਦੀਪ ਸਿੰਘ, ਇੰਦਰਜੀਤ ਸਿੰਘ ਬੈਂਸ ਨੇ ਉਚੇਚੇ ਤੌਰ ਤੇ ਹਾਜ਼ਿਰੀ ਭਰ ਕੇ ਪ੍ਰਦਰਸ਼ਨ ਕਰ ਰਹੀਆਂ ਸੰਗਤਾਂ ਦਾ ਉਤਸ਼ਾਹ ਵਧਾਇਆ ਸੀ।

## 'ਸਿੰਧੂ ਨਦੀ 'ਤੇ ਬੰਨ੍ਹ ਬਣਾਇਆ ਤਾਂ ਜੰਗ ਹੋਵੇਗੀ':ਪਾਕਿ

ਲਾਹੌਰ- ਪਾਕਿਸਤਾਨ ਦੇ ਫੌਜ ਮੁਖੀ ਆਸਿਮ ਮੁਨੀਰ ਤੋਂ ਬਾਅਦ ਹੁਣ ਪਾਕਿਸਤਾਨ ਦੇ ਸਾਬਕਾ ਵਿਦੇਸ਼ ਮੰਤਰੀ ਬਿਲਾਵਲ ਭੁੱਟੋ ਨੇ ਭਾਰਤ ਨੂੰ ਚਿਤਾਵਨੀ ਦਿੱਤੀ ਹੈ। ਬਿਲਾਵਲ ਭੁੱਟੋ ਨੇ ਭਾਰਤ ਨੂੰ ਕਿਹਾ ਕਿ ਜੇ ਭਾਰਤ ਨੇ ਸਿੰਧੂ ਨਦੀ 'ਤੇ ਬੰਨ੍ਹ ਬਣਾਇਆ ਤਾਂ ਜੰਗ ਹੋਵੇਗੀ। ਭੁੱਟੋ ਨੇ ਅੱਗੇ ਕਿਹਾ ਕਿ ਪਾਕਿਸਤਾਨ ਨੇ ਕਦੇ ਜੰਗ ਨਹੀਂ ਛੇੜੀ, ਅਸੀਂ ਸ਼ਾਂਤੀ ਦੀ ਗੱਲ ਕਰਦੇ ਹਾਂ। ਅਸੀਂ ਤੁਹਾਨੂੰ ਦੱਸਣਾ ਚਾਹੁੰਦੇ ਹਾਂ ਕਿ ਜੇ ਭਾਰਤ ਅਜਿਹਾ ਹਮਲਾ ਕਰਨ ਬਾਰੇ ਸੋਚਦਾ ਹੈ ਤਾਂ ਪਾਕਿਸਤਾਨ ਦੇ ਹਰ ਸੂਬੇ ਦੇ ਲੋਕ ਲੜਨ ਲਈ ਤਿਆਰ ਹਨ।

The Mortgage Centre
ਮੌਰਟਗੇਜ ਦੇ ਵਧੀਆ ਰੇਟ ਅਤੇ ਸਹੀ ਸਲਾਹ ਲਈ ਸੰਪਰਕ ਕਰੋ
ਘਰਾਂ ਦੀ ਮੌਰਟਗੇਜ ਕੰਸਟਰਕਸ਼ਨ ਮੌਰਟਗੇਜ ਕਮਰਸ਼ੀਅਲ ਲੋਨ ਪ੍ਰਾਈਵੇਟ ਲੋਨ
• Purchases with 5% Down Payment
• Refinance & Renewals at Best Rates
• Self-employment - Special Programs
• Second Mortgage & Equity Loans (No Income Verification)
• Private financing - Easy Approvals
• Low Income & Bad Credit Financing
Satnam Saroya
Mortgage Specialist
604.760.9172
# 384-8148 128 St, Surrey
(Payal Buss. Centre)

ਸੁਪਰ ਵੀਜ਼ਾ ਦੇ ਲਈ ਵਿਜ਼ਟਰ ਇਨਸ਼ੋਰੈਂਸ
ਵੀਜ਼ਾ ਨਾ ਲਗਣ ਤੇ 100% ਪੈਸੇ ਵਾਪਸ
"ਬੈਂਕ ਮੋਰਟਗੇਜ ਇੰਸ਼ੋਰੈਂਸ ਲੈਣ ਤੋਂ ਪਹਿਲਾਂ ਜਾਂ ਜੇ ਤੁਹਾਡੇ ਕੋਲ ਪਹਿਲਾਂ ਹੀ ਬੈਂਕ ਮੋਰਟਗੇਜ ਇੰਸ਼ੋਰੈਂਸ ਹੈ ਤਾਂ ਤੁਹਾਨੂੰ ਪਰਸਨਲ ਇੰਸ਼ੋਰੈਂਸ ਲਈ ਜਾਣਾ ਚਾਹੀਦਾ ਹੈ।"
• ਲਾਈਫ ਇੰਸ਼ੋਰੈਂਸ • ਟਰੈਵਲ ਇੰਸ਼ੋਰੈਂਸ • ਵਿਜ਼ਟਰ ਇੰਸ਼ੋਰੈਂਸ
• ਡੈਂਟਲ ਤੇ ਮੈਡੀਕਲ ਪਲੈਨ • ਆਰ ਈ ਐਸੱ ਪੀ, ਆਰ ਆਰ ਐਸੱ ਪੀ
• ਮਨੀ-ਬੈਕ ਟਰਮ ਇੰਸ਼ੋਰੈਂਸ
• ਕ੍ਰਿਟੀਕਲ ਇਲਨੈਸ ਇੰਸ਼ੋਰੈਂਸ
• ਪਰੋਵਿੰਸ ਤੋਂ ਬਾਹਰ ਕਵਰੇਜ
• ਸਪੈਸ਼ਲ ਡਿਸਅਬਿਲਿਟੀ ਇੰਸ਼ੋਰੈਂਸ ਟੈਕਸੀ ਤੇ ਟਰੱਕ ਡਰਾਈਵਰਾਂ ਵਾਸਤੇ
ਅਸੀ ਘਰਾਂ ਅਤੇ ਕਾਰਾਂ ਦੀ ਇੰਸ਼ੋਰੈਂਸ ਵੀ ਕਰਦੇ ਹਾਂ
Insurance ਸਾਡੇ ਕੋਲ 10, 15, 20 ਸਾਲਾਂ ਦੇ ਗਰੰਟਿਡ ਪਲੈਨ ਹਨ।
ਜਸਵੀਰ ਗਰੇਵਾਲ
778 317 6262
JasvirGrewal0596@Gmail.com
ਆਪਣਾ ਜੀਵਨ ਬੀਮਾ ਕਰਵਾਉਣਾ, ਆਪਣੇ ਭਰੋਸੇ ਨੂੰ ਪੱਕਿਆਂ ਕਰਨਾ ਹੈ

Colorful Painting Ltd
ਨਵੇਂ ਜਾਂ ਪੁਰਾਣੇ ਘਰ/ਵਪਾਰ 'ਤੇ ਅੰਦਰ ਜਾਂ ਬਾਹਰ ਰੰਗ ਕਰਨ ਦਾ ਕੰਮ ਤਸੱਲੀਬਖ਼ਸ਼ ਅਤੇ ਵਾਜਿਬ ਕੀਮਤ ਤੇ ਕਰਦੇ ਹਾਂ।
Commercial & Residential
Interior & Exterior
Ph:604-897-2526

TRANSWORLD TRAVEL
ਗੇੜਾ ਜਿੱਥੇ ਮਰਜੀ ਲਾਉ, ਸਸਤੀ ਟਿਕਟ ਸਾਡੇ ਕੋਲੋਂ ਹੀ ਬਣਵਾਉ
ਇੰਡੀਆ ਲਈ ਸਸਤੀਆਂ ਸਿੱਧੀਆਂ ਟਿਕਟਾਂ ਲਉ
ਪੈਸੇ ਭੇਜਣ ਜਾਂ ਮੰਗਵਾਉਣ ਲਈ ਸੰਪਰਕ ਕਰੋ
Air Canada Direct YVR to Delhi
AIR CANADA
ਸੰਤੋਖ ਸਿੰਘ ਸਿੱਧੂ
604-852-2204

ਇੰਡੀਆ ਪੈਸੇ ਭੇਜਣ ਜਾਂ ਮੰਗਵਾਉਣ ਲਈ ਇੱਕੋ ਇੱਕ ਨਾਮ
ZIRA CURRENCY EXCHANGER LTD.
ਲੰਮੇ ਸਮੇਂ ਤੋਂ ਭਰੋਸੇ ਯੋਗ ਸੇਵਾਵਾਂ
ਡਾਲਰ ਦਾ ਸਭ ਤੋਂ ਵਧੀਆ ਰੇਟ
ਬਖ਼ਸ਼ੀਸ਼ ਸਿੰਘ ਜ਼ੀਰਾ, 604-562-7000, 604-314-0000
#397-8148-128 ST. (PAYAL BUSINESS CENTRE) SURREY

ਵਰਕਰਾਂ ਦੀ ਲੋੜ
ਲੋਅਰ ਮੇਨਲੈਂਡ ਦੀ ਮਸ਼ਹੂਰ ਤੇ ਪੁਰਾਣੀ ਕੰਪਨੀ ਜੈਸ ਕੰਸਟਰਕਸ਼ਨ ਨੂੰ ਫਰੇਮਿੰਗ ਦੇ ਕੰਮ ਲਈ ਤਜਰਬੇਕਾਰ ਅਤੇ ਬਿਨਾ ਤਜਰਬੇ ਤੋਂ ਵਰਕਰਾਂ ਦੀ ਤੁਰੰਤ ਲੋੜ ਹੈ।ਰਾਈਡ ਦਾ ਪ੍ਰਬੰਧ ਹੋਵੇਗਾ।
ਤਨਖਾਹ $15-$30 ਪ੍ਰਤੀ ਘੰਟਾ
6 ਦਿਨ ਕੰਮ, 10 ਘੰਟੇ ਰੋਜਾਨਾ
Ph:604-209-2722

A-CLASS FOREIGN EXCHANGE
ਤੁਸੀਂ ਇੰਡੀਆ ਨੂੰ ਪੈਸੇ ਜਿਸ ਰਾਹੀਂ ਮਰਜ਼ੀ ਭੇਜੋ ਪਰ ਸਾਡੇ ਨਾਲ ਰੇਟ ਜ਼ਰੂਰ ਚੈਕ ਕਰੋ
24 ਘੰਟਿਆਂ 'ਚ ਆਪਣੇ ਪੈਸੇ ਭੇਜਣ ਜਾਂ ਮੰਗਵਾਉਣ ਲਈ
ਹਰਮੀਤ ਸਿੰਘ ਖੁੱਡੀਆਂ
Punjab Travels
#204-2642 Ceder Park Place Abbotsford
604-825-2222

ਗੁਰੂ ਨਾਨਕ ਜਿਊਲਰਜ਼ ਲਿਮ.
24k & 22k
Gold Jewelry
Lucky Stones
Gemstones
40% OFF
Seiko & Citizen Watches
ABBOTSFORD LOCATION
#103 - 2752 Allwood St. Abbotsford, BC V2T 3R7
604-864-6066 | 604-853-5259

IATA Accredited Agent
SIDHU TRAVEL LTD.
ਇੰਡੀਆ ਜਾਂ ਦੁਨੀਆਂ ਵਿੱਚ ਕਿਤੇ ਵੀ ਯਾਤਰਾ ਕਰਨ ਲਈ, ਭਰੋਸੇਯੋਗ ਸੇਵਾਵਾਂ ਲਈ ਸਾਡੇ ਨਾਲ ਸੰਪਰਕ ਕਰੋ। ਆਪਣੀ ਯਾਤਰਾ ਦੇ ਹਰ ਪਲ ਨੂੰ ਬਿਹਤਰ ਬਣਾਉ।
Rani Sidhu
Rani Sidhu:604-504-3400
Aman:604-800-3003
BESTWAY Foreign Exchange Ltd.
www.bestwayforeignexchange.com
Sony Sidhu (Zira)
Ph: 778-246-2500
604-592-2676
Unit 109, 12830-80 Ave York Centre Surrey

Pacific HOME WARRANTY
J&J FRESH LOOK HOMES LTD..
ਫਰੇਮਿੰਗ ਦੇ ਕਈ ਸਾਲਾਂ ਦੇ ਤਰਜਬੇ ਤੋਂ ਬਾਦ ਹੁਣ ਮੁਕੰਮਲ ਘਰ ਬਣਾਉਣ ਦਾ ਕੰਮ ਸ਼ੁਰੂ
*Custom Houses *Project Management
*Residential *Buildings
Jarnail Singh Maan:
604.832.9308
maanjarnail@gmail.com
#136-1779 Clearbrook Rd, Abbotsford

MOHIE Travel Ltd.
#136-1779 Clearbrook Rd, Abbotsford
• DOMESTIC & INTERNATIONAL TICKETS
• TOURS , CRUISES
ਅਸੀਂ ਪਾਸਪੋਰਟ ਬਣਾਉਣ ਲਈ ਹਰੇਕ ਤਰ੍ਹਾਂ ਦੇ ਫਾਰਮ ਭਰਦੇ ਹਾਂ
ਟਰੈਵਲ ਟਿਕਟ ਸਰਵਿਸਿਜ਼
Contact Jarnail S Maan
604-746-9222
Email:mohietravel@gmail.com

Universal Auto Collision Ltd.
• ICBC Claims • Private Claims • Free Courtesy Cars
• Auto Glass Replacement • Free Estimates
We Moved To New Location
27441-FRASER HWY. ALDERGROVE, BC
ਆਈ. ਸੀ. ਬੀ. ਕਲੇਮਜ਼ ਪ੍ਰਾਈਵੇਟ ਕਲੇਮਜ਼ ਫਰੀ ਐਸਟੀਮੇਟ
ਫਰੀ ਕਰਟਸੀ ਕਾਰ ਆਟੋ ਗਲਾਸ ਰਿਪਲੇਸਮੈਂਟ
Fax: 604-596-3800 Ph. 604-596-2800
Satisfaction Guarantee

PACIFIC NURSERIES
*Certified Imported from USA
*High Quality & Healty Plants
*Ready to Plant *Potted in One Gallon
ONLY FOR WHOLESALERS
TO BOOK YOUR ORDER CONTACT:
ਬਲਿਊਬੈਰੀ (ਡਿਊਕ) ਅਤੇ ਸੀਡਰ ਹੈਜਿੰਗ ਪਲਾਂਟ ਤਿਆਰ ਹਨ
778-552-0305

FARM AND SPICE

# FARM AND SPICE

## Weekly Special

## Aug 15-21

*Special Sampling in Certain Stores*

**WEEKEND SPECIAL MILK $4.99 ONLY!**

*Minimum $50 Purchase*

ਅਦਰਕ
Ginger
per lb
$0.99

Limes
5 for $0.99

ਸੇਬ
Apple Gala
Per lb
$0.99

ਰੁਸੈਟ ਆਲੂ
Russet Potatoes
10 Lbs
$3.99

Red Fruit Carrot
Per lb
$0.99

Canteloupe
$1.49 each

Green Pepper
Per lb
$0.99

ਲਸਨ
Garlic
1 Kg
$2.99

ਕੈਨਟੀਨ ਕੁਕੀਜ਼
Canteen Assorted Cookies
2.2 Lbs
$6.49

SHER Kala Chana
SHER Chana Daal
SHER Kabuli Chickpeas
4 lb
$5.99

Futura Canola Oil
5 Ltrs
$14.99

Savera Ghee
3.5 lbs
$23.99

Patanjali Basmati Rice
10 lb
$9.99

ਹੀਰ ਚਿੰਨੀ
Heer Brown / White Sugar
8 Lbs
$6.99

ਰੂਹਅਫਜ਼ਾ ਭਾਰਤੀ
Roohafza India
750 ml
$3.49

Laxmi Sharbati Atta
20 Lbs
$15.99

*while supply last

Open 7 Days a Week
8:30 am to 10:00 pm

farmandspice.com

#9546-9548 Scott Town Plaza
96 Ave Scott Road Surrey

# 09-10 12830 96 Ave.
Surrey BC | Tel: 604 930 7742

# 103-104 14320 64 Ave.
Surrey BC | Tel: 604 593 6323

# ਗਿ. ਹਰਪ੍ਰੀਤ ਸਿੰਘ ਪੰਜ ਮੈਂਬਰੀ ਕਮੇਟੀ ਵੱਲੋਂ ਬਣਾਏ ਅਕਾਲੀ ਦਲ ਦੇ ਪ੍ਰਧਾਨ ਚੁਣੇ

## ਬੀਬੀ ਸਤਵੰਤ ਕੌਰ ਨੂੰ ਪੰਥਕ ਕੌਂਸਲ ਦੀ ਚੇਅਰਪਰਸਨ ਬਣਾਇਆ



ਅੰਮ੍ਰਿਤਸਰ:-ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਪੰਜ ਮੈਂਬਰੀ ਭਰਤੀ ਕਮੇਟੀ ਵੱਲੋਂ ਗਠਿਤ ਸ਼੍ਰੋਮਣੀ ਅਕਾਲੀ ਦਲ ਦਾ ਸਰਬਸੰਮਤੀ ਤੇ ਬਿਨਾਂ ਕਿਸੇ ਵਿਰੋਧ ਦੇ ਪ੍ਰਧਾਨ ਐਲਾਨ ਦਿੱਤਾ ਗਿਆ ਹੈ। ਇਸ ਦਾ ਐਲਾਨ ਨਿਗਰਾਨ ਬਣਾਏ ਸੰਤਾ ਸਿੰਘ ਉਮੈਦਪੁਰੀ ਵੱਲੋਂ ਕੀਤਾ ਗਿਆ ਹੈ। ਇਸ ਦੇ ਨਾਲ ਹੀ ਬੀਬੀ ਸਤਵੰਤ ਕੌਰ ਪੁੱਤਰੀ ਸ਼ਹੀਦ ਭਾਈ ਅਮਰੀਕ ਸਿੰਘ ਨੂੰ ਪੰਥਕ ਕੌਂਸਲ ਦੀ ਚੇਅਰਪਰਸਨ ਚੁਣਿਆ ਗਿਆ ਹੈ। ਅਕਾਲੀ ਦਲ ਦੇ ਪ੍ਰਧਾਨ ਵਜੋਂ ਗਿਆਨੀ ਹਰਪ੍ਰੀਤ ਸਿੰਘ ਦੇ ਨਾਂ ਦੀ ਤਜਵੀਜ਼ ਬਾਬਾ ਸਰਬਜੋਤ ਸਿੰਘ ਬੇਦੀ ਨੇ ਰੱਖੀ ਜਦੋਂਕਿ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ ਨੇ ਅਤੇ ਸੁੱਚਾ ਸਿੰਘ ਛੋਟੇਪੁਰ ਨੇ ਇਸ ਦੀ ਤਾਈਦ ਕੀਤੀ।

# ਜੇ ਅਸੀਂ ਤਬਾਹ ਹੋਏ ਤਾਂ ਅੱਧੀ ਦੁਨੀਆ ਲੈ ਕੇ ਜਾਵਾਂਗੇ:ਪਾਕਿ ਫੌਜ ਮੁਖੀ



ਫਲੋਰੀਡਾ:-ਅਮਰੀਕਾ ਦੇ ਦੌਰੇ 'ਤੇ ਗਏ ਪਾਕਿਸਤਾਨੀ ਫੌਜ ਦੇ ਮੁਖੀ ਫੀਲਡ ਮਾਰਸ਼ਲ ਆਸਿਮ ਮੁਨੀਰ ਨੇ ਕਥਿਤ ਤੌਰ 'ਤੇ 'ਪਰਮਾਣੂ' ਕਾਰਡ ਖੇਡਿਆ ਹੈ। ਉਸ ਨੇ ਪਾਕਿਸਤਾਨ ਦੀ ਪਰਮਾਣੂ ਸਮਰੱਥਾ ਦਾ ਹਵਾਲਾ ਦਿੰਦਿਆਂ ਕਿਹਾ, ''ਜੇ ਅਸੀਂ ਤਬਾਹ ਹੋ ਗਏ ਤਾਂ ਅੱਧੀ ਦੁਨੀਆ ਨੂੰ ਵੀ ਨਾਲ ਹੀ ਲੈ ਡੁੱਬਾਂਗੇ।'' ਮੁਨੀਰ ਨੇ ਅਮਰੀਕਾ ਦੇ ਟੈਂਪਾ (ਫਲੋਰੀਡਾ) 'ਚ ਪ੍ਰੋਗਰਾਮ ਦੌਰਾਨ ਇਹ ਗੱਲ ਆਖੀ। ਫੀਲਡ ਮਾਰਸ਼ਲ ਨੇ ਸਿੰਧ ਜਲ ਸੰਧੀ ਮੁਅੱਤਲ ਕੀਤੇ ਜਾਣ ਦੇ ਭਾਰਤ ਦੇ ਫ਼ੈਸਲੇ 'ਤੇ ਵੀ ਸਵਾਲ ਚੁੱਕੇ। ਸੂਤਰਾਂ ਮੁਤਾਬਕ ਮੁਨੀਰ ਨੇ ਕਿਹਾ, ''ਅਸੀਂ ਭਾਰਤ ਵੱਲੋਂ ਡੈਮ ਬਣਾਏ ਜਾਣ ਦੀ ਉਡੀਕ ਕਰ ਰਹੇ ਹਾਂ ਅਤੇ ਜਦੋਂ ਉਹ ਇਹ ਬਣਾ ਲਵੇਗਾ ਤਾਂ ਅਸੀਂ ਉਸ ਨੂੰ 10 ਮਿਜ਼ਾਈਲਾਂ ਨਾਲ ਤਬਾਹ ਕਰ ਦੇਵਾਂਗੇ।'' ਇਸ ਦੌਰਾਨ ਮੁਨੀਰ ਨੇ ਅਮਰੀਕਾ ਦੇ ਫੌਜੀ ਅਤੇ ਸਿਆਸੀ ਆਗੂਆਂ ਨਾਲ ਮੀਟਿੰਗਾਂ ਕੀਤੀਆਂ। ਭਾਰਤ ਅਤੇ ਪਾਕਿਸਤਾਨ ਵਿਚਕਾਰ ਟਕਰਾਅ ਮਗਰੋਂ ਆਸਿਮ ਮੁਨੀਰ ਦਾ ਇਹ ਅਮਰੀਕਾ ਦਾ ਦੂਜਾ ਦੌਰਾ ਹੈ। ਇਸ ਤੋਂ ਪਹਿਲਾਂ ਉਹ ਜੂਨ 'ਚ ਅਮਰੀਕਾ ਗਏ ਸਨ ਜਦੋਂ ਉਨ੍ਹਾਂ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨਾਲ ਮੁਲਾਕਾਤ ਕੀਤੀ ਸੀ। ਉਨ੍ਹਾਂ ਜੁਆਇੰਟ ਚੀਫਸ ਆਫ ਸਟਾਫ ਦੇ ਚੇਅਰਮੈਨ ਜਨਰਲ ਡੈਨ ਕੇਨ ਨਾਲ ਵੀ ਮੁਲਾਕਾਤ ਕੀਤੀ।

# 'ਸਭ ਦੇ ਬੌਸ' ਨੂੰ ਭਾਰਤ ਦੀ ਤਰੱਕੀ ਹਜ਼ਮ ਨਹੀਂ ਹੋ ਰਹੀ:ਰਾਜਨਾਥ

ਦਿੱਲੀ:-ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਭਾਰਤ ਤੋਂ ਹੋਣ ਵਾਲੀ ਦਰਾਮਦ 'ਤੇ 50 ਫੀਸਦ ਟੈਕਸ ਲਗਾਏ ਜਾਣ ਨੂੰ ਲੈ ਕੇ ਜਾਰੀ ਵਿਵਾਦ ਦਰਮਿਆਨ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ 'ਸਾਰਿਆਂ ਦੇ ਬੌਸ ਤਾਂ ਅਸੀਂ ਹਾਂ' ਦਾ ਭਰਮ ਪਾਲਣ ਵਾਲੇ ਕੁਝ ਦੇਸ਼ਾਂ ਨੂੰ ਭਾਰਤ ਦੀ ਤਰੱਕੀ ਹਜ਼ਮ ਨਹੀਂ ਹੋ ਰਹੀ। ਉਨ੍ਹਾਂ ਅੱਜ ਭਾਰਤ ਦੇ ਅਰਥਚਾਰੇ ਨੂੰ ਦੁਨੀਆ ਦਾ ਸਭ ਤੋਂ 'ਸ਼ਾਨਦਾਰ-ਜਾਨਦਾਰ ਤੇ ਗਤੀਸ਼ੀਲ' ਅਰਥਚਾਰਾ ਕਰਾਰ ਦਿੱਤਾ।

ਉਨ੍ਹਾਂ ਇੱਥੇ ਰਾਇਸੇਨ ਵਿੱਚ ਭਾਰਤ ਅਰਥ ਮੂਵਰਜ਼ ਲਿਮਿਟਡ (ਬੀਈਐੱਮਐੱਲ) ਦੀ ਰੇਲ ਕੋਚ ਇਕਾਈ ਦੇ ਭੂਮੀ ਪੂਜਨ ਤੋਂ ਬਾਅਦ ਰਾਜਨਾਥ ਸਿੰਘ ਨੇ ਆਪਣੇ ਸੰਬੋਧਨ ਵਿੱਚ ਇਹ ਵੀ ਕਿਹਾ ਕਿ ਭਾਰਤ ਜਿੰਨੀ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ, ਦੁਨੀਆ ਦੀ ਕੋਈ ਤਾਕਤ ਉਸ ਨੂੰ ਵਿਸ਼ਵ ਦੀ ਇਕ ਵੱਡੀ ਸ਼ਕਤੀ ਬਣਨ ਤੋਂ ਰੋਕ ਨਹੀਂ ਸਕਦੀ ਹੈ।

ਉਨ੍ਹਾਂ ਕਿਹਾ, ''ਹੁਣ ਅਸੀਂ 24,000 ਕਰੋੜ ਤੋਂ ਜ਼ਿਆਦਾ ਦੇ ਰੱਖਿਆ ਉਤਪਾਦ ਦੁਨੀਆ ਦੇ ਦੇਸ਼ਾਂ ਨੂੰ ਬਰਾਮਦ ਕਰ ਰਹੇ ਹਾਂ। ਇਹ ਭਾਰਤ ਦੀ ਤਾਕਤ ਹੈ। ਇਹ ਨਵੇਂ ਭਾਰਤ ਦਾ ਨਵਾਂ ਰੱਖਿਆ ਖੇਤਰ ਹੈ।''

ਰੱਖਿਆ ਮੰਤਰੀ ਨੇ ਕਿਹਾ, ''ਉਹ ਸੋਚਦੇ ਹਨ ਕਿ ਅਸੀਂ ਸਾਰਿਆਂ ਦੇ ਬੌਸ ਹਾਂ ਅਤੇ ਭਾਰਤ ਐਨੀ ਤੇਜ਼ੀ ਨਾਲ ਅੱਗੇ ਕਿਵੇਂ ਨਿਕਲ ਰਿਹਾ ਹੈ? ਕਈ ਲੋਕ ਕੁਝ ਅਜਿਹਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ ਕਿ ਭਾਰਤ ਵਿੱਚ ਭਾਰਤੀਆਂ ਵੱਲੋਂ ਹੱਥਾਂ ਨਾਲ ਬਣਾਈਆਂ ਗਈਆਂ ਵਸਤਾਂ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਜਾਣ ਤਾਂ ਉਹ ਉਨ੍ਹਾਂ ਮੁਲਕਾਂ ਵਿੱਚ ਬਣੀਆਂ ਵਸਤਾਂ ਨਾਲੋਂ ਵੀ ਮਹਿੰਗੀਆਂ ਹੋ ਜਾਣ ਅਤੇ ਉਹ ਇਹ ਐਨੀਆਂ ਮਹਿੰਗੀਆਂ ਹੋ ਜਾਣਗੀਆਂ ਤਾਂ ਦੁਨੀਆ ਦੇ ਲੋਕ ਉਨ੍ਹਾਂ ਨੂੰ ਖਰੀਦ ਹੀ ਨਹੀਂ ਸਕਣਗੇ।''

ਉਨ੍ਹਾਂ ਕਿਹਾ, ''ਸਾਲ 2014 ਵਿੱਚ ਅਰਥਚਾਰੇ ਦੇ ਮਾਮਲੇ ਵਿੱਚ ਭਾਰਤ 11ਵੇਂ ਸਥਾਨ 'ਤੇ ਸੀ। ਅੱਜ ਸਾਡਾ ਭਾਰਤ ਦੁਨੀਆ ਦੇ ਸਿਖ਼ਰਲੇ ਚਾਰ ਦੇਸ਼ਾਂ ਦੀ ਕਤਾਰ ਵਿੱਚ ਆ ਗਿਆ ਹੈ। ਤੇਜ਼ੀ ਨਾਲ ਵਧਣ ਵਾਲਾ ਅਰਥਚਾਰਾ ਜੇਕਰ ਕਿਸੇ ਦੇਸ਼ ਦਾ ਹੈ ਤਾਂ ਉਹ ਸਾਡੇ ਭਾਰਤ ਦਾ ਹੈ।'' ਉਨ੍ਹਾਂ ਕਿਹਾ, ''ਇਸ ਦਾ ਮਤਲਬ ਹੈ ਦੇਸ਼ ਅੱਗੇ ਵਧ ਰਿਹਾ ਹੈ ਅਤੇ ਦੇਸ਼ ਵਾਸੀ ਵੀ ਅੱਗੇ ਵਧ ਰਹੇ ਹਨ ਕਿਉਂਕਿ ਦੇਸ਼ ਵਾਸੀ ਅੱਗੇ ਨਹੀਂ ਵਧਣਗੇ ਤਾਂ ਭਾਰਤ ਅੱਗੇ ਨਹੀਂ ਵਧ ਸਕਦਾ।''










# ਉੱਤਰ ਪ੍ਰਦੇਸ਼ ਦੇ ਫਤਿਹਪੁਰ ’ਚ ਹਿੰਦੂ ਸੰਗਠਨਾਂ ਦੇ ਮੈਂਬਰਾਂ ਨੇ ਮਕਬਰੇ ਉਤੇ ਕੀਤਾ ਹੰਗਾਮਾ



ਕਾਨਪੁਰ:ਉੱਤਰ ਪ੍ਰਦੇਸ਼ ਦੇ ਫਤਿਹਪੁਰ ਜ਼ਿਲ੍ਹੇ ’ਚ ਹਿੰਦੂ ਸੱਜੇ ਪੱਖੀ ਸੰਗਠਨਾਂ ਦੇ ਮੈਂਬਰਾਂ ਨੇ ਸੋਮਵਾਰ ਨੂੰ ਇਕ ਮਕਬਰੇ ਉਤੇ ਕਥਿਤ ਤੌਰ ਉਤੇ ਹੰਗਾਮਾ ਕੀਤਾ ਅਤੇ ਇਹ ਕਹਿੰਦਿਆਂ ਉੱਥੇ ਪੂਜਾ ਕਰਨ ਦੀ ਇਜਾਜ਼ਤ ਮੰਗੀ ਕਿ ਇਥੇ ਪਹਿਲਾਂ ਮੰਦਰ ਸੀ।

ਉਪ ਮੁੱਖ ਮੰਤਰੀ ਬ੍ਰਜੇਸ਼ ਪਾਠਕ ਨੇ ਕਿਹਾ ਕਿ ਸਰਕਾਰ ਨੇ ਇਸ ਘਟਨਾ ਨੂੰ ਗੰਭੀਰਤਾ ਨਾਲ ਲਿਆ ਹੈ ਅਤੇ ਵਿਰੋਧੀ ਧਿਰ ਨੂੰ ਇਸ ਮੁੱਦੇ ਉਤੇ ਰਾਜਨੀਤੀ ਨਾ ਕਰਨ ਲਈ ਕਿਹਾ ਹੈ।ਇਸ ਸਮੇਂ ਕੁੱਝ ਲੋਕ ਢਾਂਚੇ ਦੇ ਕੁੱਝ ਹਿੱਸਿਆਂ ਵਿਚ ਭੰਨਤੋੜ ਕਰਦੇ ਅਤੇ ਕੇਸਰੀ ਝੰਡਾ ਲਹਿਰਾਉਂਦੇ ਵਿਖਾਈ ਦੇਖੇ ਗਏ। ਪੁਲਿਸ ਸੁਪਰਡੈਂਟ (ਫਤਿਹਪੁਰ) ਅਨੂਪ ਕੁਮਾਰ ਸਿੰਘ ਨੇ ਕਿਹਾ ਕਿ ਉਹ ਘਟਨਾ ਦੀ ਜਾਂਚ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਇਸ ਗੱਲ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਸੁਰੱਖਿਆ ਪ੍ਰਬੰਧਾਂ ਦੇ ਬਾਵਜੂਦ ਭੀੜ ਮਕਬਰੇ ’ਚ ਕਿਵੇਂ ਦਾਖਲ ਹੋਈ ਅਤੇ ਕਾਨੂੰਨ ਅਪਣੇ ਹੱਥ ’ਚ ਕਿਵੇਂ ਲੈ ਲਿਆ। ਇਸ ਮਾਮਲੇ ਵਿਚ ਦੋਸ਼ੀ ਪਾਏ ਜਾਣ ਵਾਲਿਆਂ ਵਿਰੁਧ ਬੀਐਨਐਸ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਜਾਵੇਗਾ। ਦੋਸ਼ੀਆਂ ਵਿਰੁਧ ਸਖਤ ਕਾਰਵਾਈ ਕੀਤੀ ਜਾਵੇਗੀ ਅਤੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

# ਇਜ਼ਰਾਈਲ ਨੇ ਗਾਜ਼ਾ ’ਚ 6 ਪੱਤਰਕਾਰ ਮਾਰੇ

ਕਾਹਿਰਾ: ਇਜ਼ਰਾਈਲ ਵੱਲੋਂ ਗਾਜ਼ਾ ਵਿੱਚ ਕੀਤੇ ਹਵਾਈ ਹਮਲੇ ’ਚ ਅਲ ਜਜ਼ੀਰਾ ਦੇ ਦੋ ਨਾਮਾਨਿਗਾਰ, ਤਿੰਨ ਕੈਮਰਾਮੈਨ ਅਤੇ ਇੱਕ ਫਲਸਤੀਨ ਆਜ਼ਾਦ ਪੱਤਰਕਾਰ ਮਾਰੇ ਗਏ ਹਨ।ਇਨ੍ਹਾਂ ਵਿੱਚ ਅਨਾਸ ਅਲ ਸ਼ਰੀਫ ਦੀ ਸ਼ਾਮਲ ਹੈ, ਜਿਸ ਨੂੰ ਇਜ਼ਰਾਈਲ ਹਮਾਸ ਸੈੱਲ ਦਾ ਆਗੂ ਮੰਨਦਾ ਹੈ।ਇਜ਼ਰਾਇਲੀ ਫੌਜ ਨੇ ਵੀ ਅਲ ਜਜ਼ੀਰਾ ਦੇ ਪੱਤਰਕਾਰ ਨੂੰ ਮਾਰ-ਮੁਕਾਉਣ ਦਾ ਦਾਅਵਾ ਕੀਤਾ ਹੈ। ਉਧਰ ਮਨੁੱਖੀ ਹੱਕਾਂ ਬਾਰੇ ਕਾਰਕੁਨਾਂ ਨੇ ਕਿਹਾ ਕਿ ਸ਼ਰੀਫ ਨੂੰ ਗਾਜ਼ਾ ਜੰਗ ਬਾਰੇ ਕੀਤੀ ਰਿਪੋਰਟਿੰਗ ਲਈ ਨਿਸ਼ਾਨਾ ਬਣਾਇਆ ਗਿਆ ਹੈ ਤੇ ਇਜ਼ਰਾਈਲ ਦੇ ਦਾਅਵੇ ਖੋਖਲੇ ਹਨ।ਗਾਜ਼ਾ ਦੇ ਅਧਿਕਾਰੀਆਂ ਅਤੇ ਅਲ ਜਜ਼ੀਰਾ ਨੇ ਦੱਸਿਆ ਕਿ 28 ਸਾਲਾ ਅਨਸ ਅਲ ਸ਼ਰੀਫ ਤੇ ਹੋਰ ਪੂਰਬੀ ਗਾਜ਼ਾ ਸ਼ਹਿਰ ਵਿੱਚ ਸ਼ਿਫਾ ਹਸਪਤਾਲ ਨੇੜੇ ਇੱਕ ਤੰਬੂ ’ਤੇ ਹੋਏ ਹਮਲੇ ਵਿੱਚ ਮਾਰੇ ਗਏ। ਅਲ ਜਜ਼ੀਰਾ ਨੇ ਅਲ ਸ਼ਰੀਫ ਨੂੰ ਗਾਜ਼ਾ ਦੇ ਸਭ ਤੋਂ ਬਹਾਦਰ ਪੱਤਰਕਾਰਾਂ ਵਿੱਚੋਂ ਇੱਕ ਦੱਸਦੇ ਹੋਏ ਕਿਹਾ ਕਿ ਇਹ ਹਮਲਾ ਗਾਜ਼ਾ ’ਤੇ ਕਬਜ਼ੇ ਦੀ ਉਮੀਦ ਵਿੱਚ ਆਵਾਜ਼ਾਂ ਨੂੰ ਚੁੱਪ ਕਰਾਉਣ ਦੀ ਇੱਕ ਬੇਚੈਨ ਕੋਸ਼ਿਸ਼ ਸੀ।ਪੱਤਰਕਾਰ ਸਮੂਹਾਂ ਅਤੇ ਅਲ ਜਜ਼ੀਰਾ ਨੇ ਹੱਤਿਆਵਾਂ ਦੀ ਨਿੰਦਾ ਕੀਤੀ ਹੈ। ਸੰਯੁਕਤ ਰਾਸ਼ਟਰ ਦੇ ਇੱਕ ਮਾਹਰ ਨੇ ਪਹਿਲਾਂ ਚੇਤਾਵਨੀ ਦਿੱਤੀ ਸੀ ਕਿ ਗਾਜ਼ਾ ਤੋਂ ਰਿਪੋਰਟਿੰਗ ਕੀਤੇ ਜਾਣ ਕਰਕੇ ਅਲ ਸ਼ਰੀਫ ਦੀ ਜਾਨ ਖਤਰੇ ਵਿੱਚ ਹੈ। ਸੰਯੁਕਤ ਰਾਸ਼ਟਰ ਦੀ ਵਿਸ਼ੇਸ਼ ਰਿਪੋਰਟਰ ਆਇਰੀਨ ਖਾਨ ਨੇ ਪਿਛਲੇ ਮਹੀਨੇ ਕਿਹਾ ਸੀ ਕਿ ਇਜ਼ਰਾਈਲ ਵੱਲੋਂ ਉਸ ਖਿਲਾਫ ਦਾਅਵੇ ਬੇਬੁਨਿਆਦ ਹਨ।

FIXMAN
GLASS REPAIR LTD
Auto
Residential
Commercial
“We Are The Clear Choice”
GLASS EXPRESS
Windshield Repair & Replacement
We do ICBC and Private Claims in Cars, Vans, SUV, Trucks & Taxis and Offer Mobile Service
• ਆਈ ਸੀ ਬੀ ਸੀ ਅਤੇ ਪ੍ਰਾਈਵੇਟ ਕਲੇਮ • ਕਾਰੀਗਿਰੀ, ਲੀਕਸ ਅਤੇ ਰਾਕ ਚਿਪਸ ਤੇ
• ਲਾਈਫਟਾਈਮ ਵਾਰੰਟੀ • ਮੋਬਾਈਲ ਸਰਵਿਸ • ਬੱਗ ਸਕਰੀਨ ਵੀ ਲਾਉਂਦੇ ਹਾਂ
• ਕਾਰ ਨੂੰ ਮੁਫਤ ਸਾਫ ਕਰਦੇ ਹਾਂ • ਚੱਕਣ ਅਤੇ ਛੱਡਣ ਦਾ ਵੀ ਪ੍ਰਬੰਧ ਹੈ
2 Locations Serves You
SURREY
#301-14640-64Ave Surrey
Ph:604-657-0003
LANGLEY
#102-5968 205A St
Ph:778-258-3000



Mandeep Dhaliwal
www.fixmanglass.com Email:fixmanglass@gmail.com

SAVVY
iccrc crcic Immigration Services Inc.
ਇੰਮੀਗਰੇਸ਼ਨ ਸਬੰਧੀ ਕਿਸੇ ਵੀ ਤਰ੍ਹਾਂ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ
*Temporary Visa *Student Visa
*Work Permit *Permanent Immigration
*Humanitarian & Compassionate Cases
Harpreet K Grewal:604-832-9581
Email:info@savvyimmigrations.com www.savyimmigration.com
Unit A-32088, Cedar Lane, Abbotsford BC Canada
Mon–Sat:10:00 AM-06:00 PM Closed on Sunday



CANRISE IMMIGRATION
www.canriseimmigration.com
778-565-1717
CANRISE IMMIGRATION
SPOUSAL SPONSORSHIP ਸਪਾਊਜ਼ਲ ਸਪਾਂਸਰਸ਼ਿਪ
ਅਗਰ ਤੁਸੀਂ ਇੰਡੀਆ ਵਿਆਹ ਕਰਵਾਉਣ ਜਾ ਰਹੇ ਹੋ ਤਾਂ ਜਾਣ ਤੋਂ ਪਹਿਲਾਂ ਆਪਣਾ ਪੇਪਰ ਵਰਕ ਪੂਰਾ ਕਰਵਾਉਣ ਲਈ ਸਾਡੇ ਨਾਲ ਅੱਜ ਹੀ ਸੰਪਰਕ ਕਰੋ
BCPNP ਬੀ ਸੀ ਪੀ ਐਨ ਪੀ
• New BCPNP program is Open. Get FREE Assessment.
• To bring your relatives or friends in your business contact us.
• Students on Open Work Permit can apply in this program.
ਨਵਾਂ ਬੀ ਸੀ ਪੀ ਐਨ ਪੀ ਪ੍ਰੋਗਰਾਮ ਖੁੱਲ੍ਹ ਗਿਆ ਹੈ।ਫਰੀ ਅਸੈਸਮੈਂਟ ਲਉ।ਆਪਣੇ ਬਿਜਨਸ ਵਿਚ ਆਪਣੇ ਰਿਸ਼ਤੇਦਾਰ ਜਾਂ ਦੋਸਤਾਂ ਨੂੰ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ।ਓਪਨ ਵਰਕ ਪਰਮਿਟ ਤੇ ਵਿਦਿਆਰਥੀ ਇਸ ਪ੍ਰੋਗਰਾਮ ਲਈ ਅਪਲਾਈ ਕਰ ਸਕਦੇ ਹਨ।
• ਐਲ ਐਮ ਆਈ ਏ / ਵਰਕ ਪਰਮਿਟ
• ਮਾਤਾ-ਪਿਤਾ ਅਤੇ ਗਰੈਂਡ ਪੇਰੈਂਟਸ ਸਪਾਂਸਰਸ਼ਿਪ / ਸੁਪਰਵੀਜਾ
• ਸਪਾਊਜ਼ਲ ਸਪਾਂਸਰਸ਼ਿਪ (ਵਿਆਹ ਦੇ ਕੇਸ)
• ਬੀ. ਸੀ. ਪੀ. ਐਨ. ਪੀ.
• ਆਪਨੇ ਬਿਨਜਸ ਵਿੱਚ ਆਪਨੇ ਰਿਸ਼ਤੇਦਾਰ ਨੂੰ ਵਰਕ ਪਰਮਿਟ ਤੇ ਬੁਲਾ ਸਕਦੇ ਹੋ
• ਇਨ-ਹੋਮ ਕੇਅਰਗਿਵਰਜ (ਨੈਨੀ)
• ਸਟੂਡੈਂਟ ਵੀਜ਼ਾ
• LMIA / Work Permit
• PARENTS & GRANDPARENTS SPONSORSHIP
• SPOUSAL SPONSORSHIP (MARRIAGE CASES)
• BCPNP
• In Home Caregivers (Nanny)
• SUPER VISA FOR PARENTS
• Student Visa
OUR SERVICES:
• Visitors Visa / Skilled Workers
• Temporary Workers
• Quebec Immigration
• Family Sponsorship
• Provincial Nominees
• Canadian Experience Class
• Business / Entrepreneurs / Investor Immigration
• Extension Of Temporary Visa
• Restoration Of Status
• Refugee Claims
• Citizenship Application
• Immigration & Investment Programs For Farmers / Businessmen
CANRISE
Ranjeet S. Sohi
Registered Canadian Immigration Consultant
ICCRC Membership # R422751
#223-8028 128 St. Surrey BC V3W4E9 (Little India Plaza)
iccrc crcic

Punjab TRAVELS
Special offer!
ਅਸੀਂ ਇੰਡੀਆ ਜਾਂ ਇੰਡੀਆ ਦੇ ਕਿਸੇ ਵੀ ਕੋਨੇ ਤੇ ਆਉਣ-ਜਾਣ ਲਈ ਟਿਕਟਾਂ ਬਣਾਉਂਦੇ ਹਾਂ।



ਜੀਵਨ ਸਿੰਘ ਮੋਗਾ
▸▸ ਸਪੈਸ਼ਲ ਰੇਟ : ਏਅਰ ਕਨੈਡਾ ਅਤੇ ਚਾਈਨਾ ਏਅਰ ਲਾਈਨ
▸▸ ਸਾਰੀਆਂ ਏਅਰ ਲਾਈਨਾਂ ਦੀਆਂ ਸਸਤੀਆਂ ਟਿਕਟਾਂ
▸▸ ਅਸੀਂ ਘਰੇਲੂ ਅਤੇ ਸਾਰੇ ਦੇਸ਼ਾਂ ਦੀਆਂ ਟਿਕਟਾਂ ਵੀ ਬਣਾਉਂਦੇ ਹਾਂ
Ph : 604-825-3075, 604-744-4400
2642 Cedar Park Abbotsford, British Columbia V2T 3S5

SekCheck FINGERPRINTING SERVICES
*Digital Fingerprinting *Police Certificate CPIC
*Overseas Police Check *Ink & Roll Fingerprinting
*Name Change Application *Record Suspension *US Waiver
Ph:604-628-4446, 778-536-1188
#255-13711-72Ave Surrey, BC

# ਭਾਰਤ ਦੀਆਂ ਬੈਂਕਾਂ ਨੇ 4 ਸਾਲਾਂ ਵਿੱਚ ਜਨਤਕ ਖੇਤਰ ਦੇ 4.48 ਲੱਖ ਕਰੋੜ ਰੁਪਏ ਦੇ ਕਰਜ਼ੇ ਮੁਆਫ ਕੀਤੇ:ਸਰਕਾਰੀ ਰਿਪੋਰਟ

ਦਿੱਲੀ:-ਕੇਂਦਰ ਸਰਕਾਰ ਨੇ ਸੰਸਦ ਨੂੰ ਦੱਸਿਆ ਕਿ ਜਨਤਕ ਖੇਤਰ ਦੇ ਬੈਂਕਾਂ ਨੇ ਪਿਛਲੇ ਚਾਰ ਸਾਲਾਂ ਵਿੱਚ 4.48 ਲੱਖ ਕਰੋੜ ਰੁਪਏ ਦੇ ਕਰਜ਼ੇ ਰਾਈਟ ਆਫ ਕੀਤੇ ਹਨ। ਸਟੇਟ ਬੈਂਕ ਆਫ਼ ਇੰਡੀਆ 80,197 ਕਰੋੜ ਰੁਪਏ ਰਾਈਟ ਆਫ ਕਰਕੇ ਸੂਚੀ ਵਿੱਚ ਸਿਖਰ 'ਤੇ ਹੈ। ਯੂਨੀਅਨ ਬੈਂਕ ਆਫ਼ ਇੰਡੀਆ 68,557 ਕਰੋੜ ਰੁਪਏ ਦੀ ਰਕਮ ਨਾਲ ਦੂਜੇ ਸਥਾਨ 'ਤੇ ਹੈ ਅਤੇ ਪੰਜਾਬ ਨੈਸ਼ਨਲ ਬੈਂਕ 65,366 ਕਰੋੜ ਰੁਪਏ ਦੇ ਰਾਈਟ ਆਫ ਨਾਲ ਤੀਜੇ ਸਥਾਨ 'ਤੇ ਹੈ। ਇਕ ਅੰਦਾਜ਼ੇ ਮੁਤਾਬਿਕ ਇਹ ਕਰਜ਼ੇ ਉਦਯੋਗ ਪਤੀਆਂ ਜਾਂ ਵੱਡੇ ਲੋਕਾਂ ਦੇ ਹਨ। ਕਿਸਾਨ ,ਮਜਦੂਰ ਅਤੇ ਛੋਟੇ ਵਪਾਰੀ ਦੇ ਕਰਜ਼ੇ ਮਾਫ ਨਹੀਂ ਹੁੰਦੇ।

ਵਿੱਤ ਰਾਜ ਮੰਤਰੀ ਪੰਕਜ ਚੌਧਰੀ ਨੇ ਬੁੱਧਵਾਰ (7 ਅਗਸਤ) ਨੂੰ ਰਾਜ ਸਭਾ ਨੂੰ ਦੱਸਿਆ ਕਿ ਜਨਤਕ ਖੇਤਰ ਦੇ ਬੈਂਕਾਂ ਨੇ ਪਿਛਲੇ ਚਾਰ ਵਿੱਤੀ ਸਾਲਾਂ ਵਿੱਚ 4.48 ਲੱਖ ਕਰੋੜ ਰੁਪਏ ਦੇ ਕਰਜ਼ੇ ਰਾਈਟ ਆਫ ਕੀਤੇ ਹਨ।

ਦਿ ਟ੍ਰਿਬਿਊਨ ਦੀ ਇੱਕ ਰਿਪੋਰਟ ਦੇ ਅਨੁਸਾਰ, ਇਸ ਖੁਲਾਸੇ ਨੇ ਜਨਤਕ ਬੈਂਕਿੰਗ ਪ੍ਰਣਾਲੀ ਦੇ ਕੰਮਕਾਜ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਰਿਪੋਰਟ ਦੇ ਅਨੁਸਾਰ, ਦੇਸ਼ ਦਾ ਸਭ ਤੋਂ ਵੱਡਾ ਜਨਤਕ ਖੇਤਰ ਦਾ ਬੈਂਕ, ਸਟੇਟ ਬੈਂਕ ਆਫ਼ ਇੰਡੀਆ, ਵਿੱਤੀ ਸਾਲ 2022-25 ਤੱਕ 80,197 ਕਰੋੜ ਰੁਪਏ ਰਾਈਟ ਆਫ਼ ਕਰਕੇ ਸੂਚੀ ਵਿੱਚ ਸਿਖਰ 'ਤੇ ਰਿਹਾ। ਯੂਨੀਅਨ ਬੈਂਕ ਆਫ਼ ਇੰਡੀਆ 68,557 ਕਰੋੜ ਰੁਪਏ ਦੀ ਰਕਮ ਨਾਲ ਦੂਜੇ ਸਥਾਨ 'ਤੇ ਹੈ, ਉਸ ਤੋਂ ਬਾਅਦ ਪੰਜਾਬ ਨੈਸ਼ਨਲ ਬੈਂਕ 65,366 ਕਰੋੜ ਰੁਪਏ ਨਾਲ ਅਤੇ ਬੈਂਕ ਆਫ਼ ਬੜੌਦਾ 55,279 ਕਰੋੜ ਰੁਪਏ ਦੀ ਰਕਮ ਨਾਲ ਤੀਜੇ ਸਥਾਨ 'ਤੇ ਹੈ। ਇਸੇ ਸਮੇਂ ਦੌਰਾਨ, ਕੇਨਰਾ ਬੈਂਕ ਨੇ 47,359 ਕਰੋੜ ਰੁਪਏ ਦੀ ਰਕਮ ਰਾਈਟ ਆਫ਼ ਕੀਤੀ, ਜਦੋਂ ਕਿ ਇੰਡੀਅਨ ਬੈਂਕ ਨੇ 29,949 ਕਰੋੜ ਰੁਪਏ ਰਾਈਟ ਆਫ਼ ਕੀਤੇ। ਕੁੱਲ ਮਿਲਾ ਕੇ, 12 ਬੈਂਕਾਂ ਦੁਆਰਾ 4.48 ਲੱਖ ਕਰੋੜ ਰੁਪਏ ਦੀ ਰਕਮ ਰਾਈਟ ਆਫ਼ ਕੀਤੀ ਗਈ।

22 ਜੁਲਾਈ ਨੂੰ, ਵਿੱਤ ਰਾਜ ਮੰਤਰੀ ਪੰਕਜ ਚੌਧਰੀ ਨੇ ਪਿਛਲੇ ਦਸ ਸਾਲਾਂ (2015-16 ਤੋਂ 2024-25) ਦਾ ਡੇਟਾ ਦਿੱਤਾ। ਚੌਧਰੀ ਨੇ ਦੱਸਿਆ ਸੀ ਕਿ ਸਰਕਾਰੀ ਬੈਂਕਾਂ ਨੇ ਦਸ ਸਾਲਾਂ ਵਿੱਚ 12 ਲੱਖ ਕਰੋੜ ਰੁਪਏ ਦੇ ਕਰਜ਼ੇ ਰਾਈਟ ਆਫ ਕੀਤੇ ਹਨ।

ਹਾਲਾਂਕਿ, ਮੰਤਰਾਲੇ ਨੇ ਸਪੱਸ਼ਟ ਕੀਤਾ ਸੀ ਕਿ 'ਰਾਈਟ-ਆਫ' ਇੱਕ ਤਕਨੀਕੀ ਲੇਖਾ ਪ੍ਰਕਿਰਿਆ ਹੈ ਅਤੇ ਇਸਦਾ ਮਤਲਬ ਇਹ ਨਹੀਂ ਹੈ ਕਿ ਕਰਜ਼ਾ ਲੈਣ ਵਾਲੇ ਦਾ ਕਰਜ਼ਾ ਮੁਆਫ਼ ਕਰ ਦਿੱਤਾ ਗਿਆ ਹੈ।

ਸਰਕਾਰ ਦਾ ਕਹਿਣਾ ਹੈ ਕਿ ਇਹ ਪ੍ਰਕਿਰਿਆ ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਦੇ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ ਹੈ। ਇਸ ਦੇ ਤਹਿਤ, ਬੈਂਕ ਕਰਜ਼ੇ ਨੂੰ ਰਾਈਟ-ਆਫ ਕਰਨ ਦੀ ਤਿਆਰੀ ਕਰਦਾ ਹੈ, ਜਿਸਦੀ ਰਿਕਵਰੀ ਦੀ ਕੋਈ ਸੰਭਾਵਨਾ ਨਹੀਂ ਹੁੰਦੀ। ਅਜਿਹੇ ਕਰਜ਼ੇ ਆਮ ਤੌਰ 'ਤੇ ਚਾਰ ਸਾਲਾਂ ਬਾਅਦ ਬੈਲੇਂਸ ਸ਼ੀਟ ਤੋਂ ਹਟਾ ਦਿੱਤੇ ਜਾਂਦੇ ਹਨ। ਹਾਲਾਂਕਿ, ਸਰਕਾਰ ਨੇ ਰਾਈਟ-ਆਫ ਤੋਂ ਬਾਅਦ ਕੀਤੀ ਗਈ ਰਿਕਵਰੀ ਬਾਰੇ ਕੋਈ ਅਪਡੇਟ ਕੀਤੀ ਜਾਣਕਾਰੀ ਨਹੀਂ ਦਿੱਤੀ ਹੈ।

# ਪਾਕਿ ਦੇ ਫੌਜ ਮੁਖੀ ਵੱਲੋਂ ਟਰੰਪ ਦਾ ਧੰਨਵਾਦ

ਵਾਸ਼ਿੰਗਟਨ: ਪਾਕਿਸਤਾਨ ਦੇ ਫੌਜ ਮੁਖੀ ਫੀਲਡ ਮਾਰਸ਼ਲ ਆਸਿਮ ਮੁਨੀਰ ਨੇ ਕਿਹਾ ਹੈ ਕਿ ਉਨ੍ਹਾ ਦਾ ਮੁਲਕ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਬਹੁਤ ਧੰਨਵਾਦੀ ਹੈ, ਜਿਨ੍ਹਾ ਦੀ ਰਣਨੀਤਕ ਅਗਵਾਈ ਨੇ ਭਾਰਤ ਅਤੇ ਪਾਕਿਸਤਾਨ ਦੇ ਨਾਲ-ਨਾਲ ਦੁਨੀਆ ਦੀਆਂ ਕਈ ਹੋਰ ਜੰਗਾਂ ਨੂੰ ਟਾਲਿਆ। ਮੁਨੀਰ ਨੇ ਫਲੋਰਿਡਾ ਦੇ ਟੈਂਪਾ ਵਿੱਚ ਪਾਕਿਸਤਾਨੀ ਪ੍ਰਵਾਸੀ ਭਾਈਚਾਰੇ ਨੂੰ ਸੰਬੋਧਨ ਕਰਦਿਆਂ ਇਹ ਟਿੱਪਣੀ ਕੀਤੀ। ਮੁਨੀਰ ਨੇ ਇਸ ਮੌਕੇ ਇੱਕ ਵਾਰ ਫਿਰ ਕਸ਼ਮੀਰ ਨੂੰ ਪਾਕਿਸਤਾਨ ਦੇ 'ਗਲੇ ਦੀ ਨਸ' ਦੱਸਿਆ। ਮੁਨੀਰ ਨੇ ਕਿਹਾ ਕਿ ਕਸ਼ਮੀਰ ਭਾਰਤ ਦਾ ਅੰਦਰੂਨੀ ਮਾਮਲਾ ਨਹੀਂ, ਬਲਕਿ ਇਕ ਅਧੂਰਾ ਕੌਮਾਂਤਰੀ ਏਜੰਡਾ ਹੈ। ਜਿਵੇਂ ਕਿ ਕਾਇਦੇ ਆਜ਼ਮ ਨੇ ਕਿਹਾ ਸੀ ਕਿ ਕਸ਼ਮੀਰ ਪਾਕਿਸਤਾਨ ਦੇ ਗਲੇ ਦੀ ਨਸ ਹੈ

# ਭਾਰਤ ਦੀ ਸੁਪਰੀਮ ਕੋਰਟ ਵੱਲੋਂ ਦਿੱਲੀ ਵਿੱਚ ਆਵਾਰਾ ਕੁੱਤਿਆਂ ਨੂੰ ਹਟਾਉਣ ਦੇ ਹੁਕਮ

ਦਿੱਲੀ:-ਭਾਰਤ ਦੀ ਸੁਪਰੀਮ ਕੋਰਟ ਨੇ ਦਿੱਲੀ ਅਤੇ ਇਸਦੇ ਉਪਨਗਰਾਂ ਦੇ ਅਧਿਕਾਰੀਆਂ ਨੂੰ ਸੜਕਾਂ ਤੋਂ ਸਾਰੇ ਆਵਾਰਾ ਕੁੱਤਿਆਂ ਨੂੰ ਜਾਨਵਰਾਂ ਦੇ ਆਸਰਾ ਸਥਾਨਾਂ 'ਤੇ ਲੈ ਜਾਣ ਦਾ ਹੁਕਮ ਦਿੱਤਾ ਹੈ।

ਅਦਾਲਤ ਨੇ "ਕੁੱਤਿਆਂ ਦੇ ਕੱਟਣ ਨਾਲ ਰੇਬੀਜ਼ ਹੋਣ ਦੇ ਵਧਦੇ ਖ਼ਤਰੇ" ਬਾਰੇ ਚਿੰਤਾ ਪ੍ਰਗਟ ਕੀਤੀ ਅਤੇ ਅਧਿਕਾਰੀਆਂ ਨੂੰ ਕੰਮ ਪੂਰਾ ਕਰਨ ਲਈ ਅੱਠ ਹਫ਼ਤਿਆਂ ਦੀ ਸਮਾਂ ਸੀਮਾ ਨਿਰਧਾਰਤ ਕੀਤੀ।

ਨਗਰ ਨਿਗਮ ਦੇ ਸੂਤਰਾਂ ਅਨੁਸਾਰ, ਦਿੱਲੀ ਵਿੱਚ ਆਵਾਰਾ ਕੁੱਤਿਆਂ ਦੀ ਆਬਾਦੀ 10 ਲੱਖ ਹੋਣ ਦਾ ਅਨੁਮਾਨ ਹੈ, ਜਿਸਦੀ ਗਿਣਤੀ ਉਪਨਗਰੀ ਨੋਇਡਾ, ਗਾਜ਼ੀਆਬਾਦ ਅਤੇ ਗੁਰੂਗ੍ਰਾਮ ਵਿੱਚ ਵੱਧ ਰਹੀ ਹੈ।

ਵਿਸ਼ਵ ਸਿਹਤ ਸੰਗਠਨ ਦੇ ਅਨੁਸਾਰ, ਭਾਰਤ ਵਿੱਚ ਲੱਖਾਂ ਆਵਾਰਾ ਕੁੱਤੇ ਹਨ ਅਤੇ ਵਿਸ਼ਵ ਪੱਧਰ 'ਤੇ ਰੇਬੀਜ਼ ਨਾਲ ਸਬੰਧਤ ਮੌਤਾਂ ਦੇ 36% ਲਈ ਜ਼ਿੰਮੇਵਾਰ ਹਨ।


ਮਨ ਮਨੁੱਖ ਦੀ ਕੁੰਜੀ ਹੈ
Mind is the key to the man.
NATURAL HOMEOPATHIC SOLUTIONS
Homeopathic Natural Products And Consultations
• Stress • Obesity & Weight Management & much more
2nd Location at Abbotsford also
#1, 32056 Cedar Park
(Above Dr. Chan Medical Clinic)
CALL Dr. Shveta : 604-304-2236
MBBS, MD & DHMHS (ONT.)
• Children & Ladies Problems and much more
We Have Effective New Medicines Based On Latest Research For The Cure Of:
• Allergy Conditions
• Colitis • De-addiction
• Migraine • Sexual Problems
• Arthritis • Stress Anxiety
• All Auto-Immune Diseases



"Homeopath R S Saini receiving International Award"
Director, West coast Homeopathic Society of Canada
Dr.R S Saini & Dr. Shveta Has The Latest Knowledge For The Cure Of These Diseases.
ਹੋਮਿਉਪੈਥ ਆਰ. ਐਸ. ਸੈਣੀ D.HOM. (London), MD(AM), International Medal Awardee 1973 ਤੋ ਐਕਟਿਵ ਪ੍ਰੈਕਟਿਸ ਵਿੱਚ
For Abbotsford
#1, 32056 Cedar Park (Above Dr. Chan Medical Clinic)
Appointments Call Dr. Shveta
MBBS, MD & DHMHS (ONT.)
604-304-2236
For Surrey
231-8138-128 ST., SURREY
(2ND FLOOR PAYAL BUSINESS CENTER)
604-502-9579
www.homeopathsaini.com


# ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ

11267-125A St, Surrey, BC

## ਇਸ ਹਫਤੇ ਦੇ ਪ੍ਰੋਗਰਾਮ

*16 ਅਗਸਤ ਦਿਨ ਸ਼ਨਿੱਚਰਵਾਰ ਸੁਖਮਨੀ ਸਾਹਿਬ ਦੇ ਪਾਠ ਦੀ ਸੇਵਾ ਲਖਵੀਰ ਸਿੰਘ ਰਾਏ ਪਰਿਵਾਰ ਵੱਲੋਂ ਕਰਵਾਏ ਜਾਣਗੇ।

*16 ਅਗਸਤ ਦਿਨ ਸ਼ਨਿੱਚਰਵਾਰ ਸੁਖਮਨੀ ਸਾਹਿਬ ਦੇ ਪਾਠ ਸੁਖਵੀਰ ਸਿੰਘ ਪਰਿਵਾਰ ਵੱਲੋਂ ਕਰਵਾਏ ਜਾਣਗੇ।

*16 ਅਗਸਤ ਦਿਨ ਸ਼ਨਿੱਚਰਵਾਰ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਅਤੇ ਲੰਗਰਾਂ ਦੀ ਸੇਵਾ ਅਮਨਦੀਪ ਸਿੰਘ ਪਰਿਵਾਰ ਵੱਲੋਂ ਕਰਵਾਏ ਜਾਣਗੇ।

*17 ਅਗਸਤ ਦਿਨ ਐਤਵਾਰ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਅਤੇ ਲੰਗਰ ਦੀ ਸੇਵਾ ਅਮਰਪਾਲ ਸਿੰਘ ਪਰਿਵਾਰ ਵੱਲੋਂ ਕਰਵਾਏ ਜਾਣਗੇ।

*17 ਅਗਸਤ ਦਿਨ ਐਤਵਾਰ ਦੁਪਹਿਰ ਦਾ ਲੰਗਰ ਬੀਬੀ ਚਰਨਜੀਤ ਕੌਰ ਪਰਿਵਾਰ ਵੱਲੋਂ ਕਰਵਾਏ ਜਾਣਗੇ।

*17 ਅਗਸਤ ਦਿਨ ਐਤਵਾਰ ਹਾਲ ਨੰ:2 ਵਿਚ ਅਨੰਦ ਕਾਰਜ ਕਾਕਾ ਜਸ਼ਨ ਕੁਮਾਰ


*17 ਅਗਸਤ ਦਿਨ ਐਤਵਾਰ ਸ਼ਾਮ ਨੂੰ ਸੁਖਮਨੀ ਸਾਹਿਬ ਦੇ ਪਾਠ, ਕੀਰਤਨ ਅਤੇ ਲੰਗਰਾਂ ਦੀ ਸੇਵਾ ਕੁਲਦੀਪ ਸਿੰਘ ਧਾਲੀਵਾਲ ਪਰਿਵਾਰ ਵੱਲੋਂ

***19 ਅਗਸਤ ਦਿਨ ਮੰਗਲਵਾਰ ਸ਼ਾਮ 7.30 ਤੋਂ 8.30 ਤੱਕ ਸੰਤ ਬਾਬਾ ਜੀਤ ਸਿੰਘ ਜੀ ਜੌਹਲਾਂ ਵਾਲੇ ਹਾਜਰੀ ਭਰਨਗੇ।**

**ਹਰ ਮੱਸਿਆ ਤੇ ਸ਼ਾਮ ਨੂੰ 6-9 ਵਜੇ ਵਿਸ਼ੇਸ਼ ਪ੍ਰੋਗਰਾਮ ਹੁੰਦੇ ਹਨ**

ਵਾਹਿਗੁਰੂ ਜੀ ਕਾ ਖਾਲਸਾ।।
ਵਾਹਿਗੁਰੂ ਜੀ ਕੀ ਫਤਹਿ।।
ਗੁ. ਗੁਰਸਾਗਰ ਮਸਤੂਆਣਾ ਸਾਹਿਬ ਸਰੀ ਵਿਖੇ
**ਗੁਰਬਾਣੀ ਸਿਮਰਨ**
**ਹਰ ਐਤਵਾਰ**
**ਦੁਪਹਿਰ 1 ਤੋਂ 4 ਵਜੇ ਤੱਕ**
ਹੁੰਦੇ ਹਨ, ਸਭ ਸੰਗਤਾਂ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ





## ਰੋਜਾਨਾ ਦੇ ਪ੍ਰੋਗਰਾਮ

### ਸਵੇਰੇ

5 ਵਜੇ ਸਵੇਰੇ:ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼
5:15-6:15 ਵਜੇ ਤੱਕ :ਪੰਜ ਬਾਣੀਆਂ ਦੇ ਨਿਤਨੇਮ
6.30 -8 ਵਜੇ ਤੱਕ: ਆਸਾ ਜੀ ਦੀ ਵਾਰ ਦੇ ਕੀਰਤਨ
8-8:30 ਵਜੇ ਤੱਕ: ਕਥਾ ਹੁਕਮਨਾਮਾ
8:30-10 ਵਜੇ ਤੱਕ: ਕੀਰਤਨ ਅਤੇ ਸਮਾਪਤੀ

### ਸ਼ਾਮ

6-6.30 ਵਜੇ ਤੱਕ:ਪਾਠ ਸੋਦਰ
6:30 -8 ਵਜੇ ਤੱਕ:ਗੁਰਬਾਣੀ ਕੀਰਤਨ ਅਤੇ ਸਮਾਪਤੀ

**ਰਾਗੀ ਜੱਥਾ**
ਸਤਨਾਮ ਸਿੰਘ
ਲੁਧਿਆਣੇ ਵਾਲੇ

**ਕਥਾਵਾਚਕ**
ਗਿਆਨੀ ਜੈਵੀਰ ਸਿੰਘ
ਕਰਨਾਲ ਵਾਲੇ

**ਤਬਲਾ ਸਿੱਖਣ ਲਈ ਸੰਪਰਕ ਕਰੋ:**
604-413-7171

**ਗੁਰੂਘਰ ਵਿਖੇ ਤਬਲਾ, ਕੀਰਤਨ ਅਤੇ ਗੁਰਬਾਣੀ ਸੰਥਿਆ ਦੀਆਂ ਕਲਾਸਾਂ ਸ਼ੁਰੂ ਹਨ**

**ਪ੍ਰੋਗਰਾਮ ਬੁਕਿੰਗ ਲਈ ਸੰਪਰਕ ਕਰ ਸਕਦੇ ਹੋ: ਗੁਰਦੁਆਰਾ ਸਾਹਿਬ:604-413-7171**
ਗਿ. ਮਹਿੰਦਰ ਸਿੰਘ ਮਹਿਸੰਮਪੁਰ:778-713-5121 ਗਿ. ਬਲਦੇਵ ਸਿੰਘ:604-719-2007

# ਰਿਚਮੰਡ ਗੁਰਦਵਾਰਾ ਨਾਨਕ ਨਿਵਾਸ ਸਿੱਖਾਂ ਲਈ ਵਿਸ਼ੇਸ਼ ਸਥਾਨ ਬਣਿਆ

ਰਿਚਮਿੰਡ:ਰਿਚਮੰਡ ਦਾ ਇੰਡੀਆ ਕਲਚਰਲ ਸੈਂਟਰ ਆਫ ਕੈਨੇਡਾ ਗੁਰਦਵਾਰਾ ਨਾਨਕ ਨਿਵਾਸ, 8600 #5 ਰੋਡ ਇਸ ਸ਼ਹਿਰ ਦੇ ਸਵਰਗ ਦੇ ਰਾਹ ਦੀ ਸ਼ਾਨ ਹੈ। 1985 ਵਿਚ ਸਵਰਗੀਆ ਆਸਾ ਸਿੰਘ ਜੌਹਲ ਅਤੇ ਕੁਝ ਹੋਰ ਪਤਵੰਤੇ ਸੱਜਣਾਂ ਦੀ ਹਿੰਮਤ ਅਤੇ ਮਿਹਨਤ ਸਦਕਾ ਇਥੇ ਇਕ ਫਾਰਮ ਘਰ ਵਿਚ ਇਸ ਗੁਰਦਵਾਰਾ ਸਾਹਿਬ ਦੀ ਆਰੰਭਤਾ ਹੋਈ।1985 ਤੋਂ 1992 ਤਕ ਇਸ ਗੁਰੂ ਘਰ ਵਿਖੇ ਕਾਫੀ ਸਮਾਗਮ ਹੁੰਦੇ ਰਹੇ। 1993 ਵਿਚ ਇਸ ਤਕਰੀਬਨ ਦਸ ਏਕੜ ਜਮੀਨ ਦੇ ਨੰਬਰ ਪੰਜ ਰੋਡ ਦੇ ਚੜ੍ਹਦੇ ਪਾਸੇ ਇਕ ਬਹੁਤ ਹੀ ਸ਼ਾਨਦਾਰ ਇਮਾਰਤ ਤਿਆਰ ਕਰਕੇ ਸਾਹਿਬ ਸ਼੍ਰੀ ਗੁਰੂ ਗਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਕੇ ਅਤੇ ਅਰਦਾਸ ਨਾਲ ਇਸ ਨਵੇਂ ਗੁਰੂ ਘਰ ਵਿਖੇ ਸੰਗਤਾਂ ਨਤਮਸਤਕ ਹੋਈਆਂ ।ਉਸ ਦਿਨ ਤੋਂ ਹੀ ਇਸ ਗੁਰਦਵਾਰਾ ਸਾਹਿਬ ਵਿਖ ਭਾਰੀ ਗਿਣਤੀ ਵਿਚ ਸੰਗਤਾਂ ਦੇ ਨਾਲ ਅਨੇਕਾਂ ਹੀ ਵਿਦਿਆਰਥੀ, ਅਧਿਆਪਿਕ ਅਤੇ ਹੋਰ ਸ਼ਰਧਾਲੂ ਸਿੱਖ ਧਰਮ, ਪੰਜਾਬੀ ਕਲਚਰ ਅਤੇ ਪੰਜਾਬੀ ਅਤੇ ਸਾਊਥ ਏਸ਼ੀਅਨ ਕਮਿਊਨਿਟੀ ਵਾਰੇ ਜਾਣਕਾਰੀ ਹਾਸਲ ਕਰਨ ਲਈ ਨਤਮਸਤਕ ਹੁੰਦੇ ਹਨ।ਗੁਰਦਵਾਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਉਹਨਾਂ ਸਭ ਦਾ ਨਿੱਘਾ ਸਵਾਗਤ ਕੀਤਾ ਜਾਂਦਾ ਹੈ।ਇਸ ਸਵਰਗ ਦੇ ਰਾਹ ਉਪਰ 25 ਦੇ ਕਰੀਬ ਵੱਖਰੇ ਵੱਖਰੇ ਧਰਮਾਂ ਦੇ ਧਾਰਮਿਕ ਅਸਥਾਨ ਹਨ। ਇਹਨਾਂ ਦਾ ਇਕ ਦੂਸਰੇ ਨਾਲ ਮੇਲ ਜੋਲ ਰੱਖਣ ਲਈ ਪਿਛਲੇ ਕੁਝ ਸਾਲਾਂ ਤੋਂ ਇਕ ਜਥੇਬੰਦੀ ਬਣਾਈ ਗਈ ਸੀ ਜਿਸ ਦਾ ਨਾਮ ਹੈ ਹਾਈਵੇ ਟੂ ਹੈਵਨ ਅਸੋਸੀਏਸ਼ਨ। ਇਸ ਜਥੇਬੰਦੀ ਦੀ ਅਗਵਾਈ ਦੀ ਸੇਵਾ ਗੁਦਵਾਰਾ ਨਾਨਕ ਨਿਵਾਸ ਦੇ ਬਲਵੰਤ ਸਿੰਘ ਸੰਘੇੜਾ ਕਰ ਰਹੇ ਹਨ।ਇਹ ਸਭ ਧਾਰਮਿਕ ਅਸਥਾਨ ਇਕ ਦੂਸਰੇ ਦਾ ਪੂਰਾ ਸਾਥ ਦਿੰਦੇ ਹਨ ।ਇਸ ਜਥੇਬੰਦੀ ਦੇ ਯਤਨਾਂ ਸਦਕਾ ਰਿਚਮੰਡ ਦਾ ਇਹ



ਸਵਰਗ ਦਾ ਰਾਹ ਬਹੁਤ ਚਰਚਤ ਹੈ ਅਤੇ ਇਸ ਸ਼ਹਿਰ ਦੀ ਸ਼ਾਨ ਹੈ ਗੁਰਦਵਾਰਾ ਨਾਨਕ ਨਿਵਾਸ ਨੌਜਵਾਨ ਲੜਕੇ ਲੜਕੀਆਂ ਅਤੇ ਪ੍ਰਵਾਰਾ ਵਾਸਤੇ ਵਿਆਹਾਂ ਲਈ ਬਹੁਤ ਹਰਮਨ ਪਿਆਰਾ ਹੈ।ਗੁਰੂ ਘਰ ਦੇ ਪ੍ਰਬੰਧਕ , ਗਿਆਨੀ ਅਤੇ ਸੇਵਾਦਾਰ ਹਰ ਪਰਿਵਾਰ ਨੂੰ ਆਪਣੇ ਪਰਿਵਾਰ ਵਾਂਗੂੰ ਸਮਝਦੇ ਹਨ ਅਤੇ ਪੂਰਾ ਮਾਣ ਅਤੇ ਸਤਿਕਾਰ ਦਿੰਦੇ ਹਨ।ਪ੍ਰਬੰਧਕਾਂ ਲਈ ਇਹ ਬਹੁਤ ਖੁਸ਼ੀ ਦੀ ਗੱਲ ਹੈ ਕਿ ਸਾਡੇ ਨੌਜਵਾਨ ਲੜਕੇ ਲੜਕੀਆਂ ਅਤੇ ਪਰਿਵਾਰ ਇਸ ਗੁਰਦਵਾਰਾ ਸਾਹਿਬ ਨੂੰ ਆਪਣੇ ਆਨੰਦ ਕਾਰਜ ਦੀ ਰਸਮ ਲਈ ਅਤੇ ਹੋਰ ਗੁਰਮਤ ਸਮਾਗਮਾਂ ਲਈ ਚੁਣਦੇ ਹਨ। ਇਸ ਲਈ ਗੁਰਦਵਾਰਾ ਸਾਹਿਬ ਦੇ ਪ੍ਰਬੰਧਕ ਉਹਨਾਂ ਦੇ ਧੰਨਵਾਦੀ ਹਨ।ਗੁਰਦਵਾਰਾ ਨਾਨਕ ਨਿਵਾਸ ਦੇ ਦੀਵਾਨ ਹਾਲ, ਲੰਗਰ ਹਾਲ ਅਤੇ ਕਿਚਨ ਕਾਫੀ ਖੁਲ੍ਹੇ ਹਨ।ਮੌਸਮ ਠੀਕ ਨਾਂ ਹੋਣ ਦੀ ਸੂਰਤ ਵਿਚ ਵਿਸ਼ਾਲ ਅਤੇ ਸੁੰਦਰ ਲੌਬੀ ਵਿਚ ਦੋਹਾਂ ਪਰਿਵਾਰਾ ਦੀ ਮਿਲਣੀ ਹੋ ਸਕਦੀ ਹੈ।ਅਨੰਦ ਕਾਰਜ ਦੀ ਰਸਮ ਤੋਂ ਬਾਅਦ ਨਵ ਵਿਆਹੀ ਜੋੜੀ ਨੂੰ ਸਗਨ ਅਤੇ ਪਿਆਰ ਭੀ ਲੌਬੀ ਵਿੱਚ ਦਿੱਤਾ ਜਾ ਸਕਦਾ ਹੈ।ਵਿਆਹ ਵਾਲੀ ਲੜਕੀ ਅਤੇ ਉਸ ਦੀਆਂ ਸਹੇਲੀਆਂ ਦੀ ਸਹੂਲਤ ਲਈ ਇਕ ਬਰਾਈਡਜ ਰੂਮ ਭੀ ਹੈ।ਸਮੁੱਚੇ ਗੁਰੂ ਘਰ ਵਿਚ-ਅੰਦਰ ਅਤੇ ਬਾਹਰ- ਸ਼ਫਾਈ ਦਾ ਪੂਰਾ ਧਿਆਨ ਰੱਖਿਆ ਜਾਂਦਾ ਹੈ।ਗੁਰੂ ਘਰ ਦੀ ਪਾਰਕਿੰਗ ਬਹੁਤ ਖੁਲ੍ਹੀ ਹੈ। ਵਿਸ਼ਾਲ ਚੁਗਿਰਦਾ ਭੀ ਸਾਫ ਸੁਥਰਾ ਹੈ।ਵਿਆਹ ਅਤੇ ਹੋਰ ਸਮਾਗਮਾਂ ਸਬੰਧੀ ਤਸਵੀਰਾਂ ਖਿੱਚਣ ਲਈ ਫੁੱਲਾਂ ਅਤੇ ਪਾਣੀ ਦੇ ਚਲਦੇ ਫੁਹਾਰਿਆਂ ਵਾਲੀ ਪਾਰਕ ਖਿੱਚ ਦਾ ਕੇਂਦਰ ਹਨ।ਇਸ ਪਾਰਕ ਦੀ ਸ਼ਾਨ 1999 ਵਿਚ ਖਾਲਸੇ ਦੇ 300 ਸਾਲਾ ਖਾਲਸਾ ਸਾਜਨਾਂ ਦਿਵਸ ਦੀ ਯਾਦਗਾਰ ਭੀ ਸਥਾਪਤ ਹੈ। ਇਸ ਗੁਰਦਵਾਰਾ ਸਾਹਿਬ ਵਿਖੇ ਵਿਆਹ ਅਤੇ ਹੋਰ ਸਮਾਗਮ ਅਕਾਲ ਤਖਤ ਸਾਹਿਬ ਦੀ ਪ੍ਰਵਾਨਿਤ ਰਹਿਤ ਮਰਯਾਦਾ ਅਨੁਸਾਰ ਕੀਤੇ ਜਾਂਦੇ ਹਨ।ਇੰਡੀਆ ਕਲਚਰਲ ਸੈਂਟਰ ਆਫ ਕੈਨੇਡਾ ਗੁਰਦਵਾਰਾ ਨਾਨਕ ਨਿਵਾਸ ਸਿਰਫ ਰਿਚਮੰਡ ਦਾ ਹੀ ਨਹੀਂ ਬਲਕਿ ਸਾਡੀ ਸਾਰੀ ਕਮਿਊਨਿਟੀ ਦਾ ਮਾਣ ਹੈ।ਆਪ ਜੀ ਦਾ ਸ਼ੁਭਚਿੰਤਕ ਬਲਵੰਤ ਸਿੰਘ ਸੰਘੇੜਾ ਸ਼ਕੱਤਰ, ਇੰਡੀਆ ਕਲਚਰਲ ਸੈਂਟਰ ਆਫ ਕੈਨੇਡਾ ਗੁਰਦਵਾਰਾ ਨਾਨਕ ਨਿਵਾਸ, 8600 #5 ਰੋਡ, ਰਿਚਮੰਡ, ਬੀ.ਸੀ. , ਕੈਨੇਡਾ


THANDI AUTO CARE CENTRE LTD

WE DO REPAIR OF ALL MAKES & MODELS

- General Repairs
- Transmission- Brakes
- Tune Ups - Mufflers
- Electrical Problems
-We also do Diesel Repairs

ਅਸੀ ਹਰ ਤਰਾਂ ਦੀਆਂ ਡੋਮੇਸਟਿਕ ਅਤੇ ਇਨਪੋਟੀਡ ਕਾਰਾਂ ਅਤੇ ਵੈਨਾਂ ਦੀ ਰੀਪੇਅਰ ਕਰਦੇ ਹਾਂ





Bhupinder Singh Thandi
Certified Auto Mechanic
604.503.0713
Fax:604.503.0712
Harp_t@hotmail.com

#106-12465 82 Ave , Surrey BC



GOLDEN STAR PAINTING




ਭੁਪਿੰਦਰ ਸਿੰਘ ਗਿੱਲ:604-897-5750



TMG LOGISTICS INC.

Need Owner Operators

*Vancouver to California *California to Alberta Back Vancouver
*Vancouver to East USA Return

NOW HIRING

Good Paying Loads



Need Company Drivers
*Single Driver Pay 52cents/mile*
*Team Drivers 32 cents/mile*

FOR MORE INFORMATION CALL AT:
(604) 598-3680 Fax: 604-596-3681 Cell: 778-838-3680
#121-13140-80Ave Surrey, BC V3W 3B2

# ਮੋਦੀ ਸਮਰਥਕਾਂ ਵੱਲੋਂ ਭਾਰਤ ਵਿੱਚ ਅਮਰੀਕੀ ਵਸਤਾਂ ਦਾ ਵਿਰੋਧ ਸ਼ੁਰੂ

ਨਵੀਂ ਦਿੱਲੀ:ਮੈਕਡੋਨਲਡਜ਼ ਅਤੇ ਕੋਕਾ-ਕੋਲਾ ਤੋਂ ਲੈ ਕੇ ਐਮਾਜ਼ਾਨ ਅਤੇ ਐਪਲ ਤੱਕ, ਅਮਰੀਕਾ-ਅਧਾਰਤ ਬਹੁ-ਰਾਸ਼ਟਰੀ ਕੰਪਨੀਆਂ ਨੂੰ ਭਾਰਤ ਵਿੱਚ ਬਾਈਕਾਟ ਦੇ ਸੱਦੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਕਿਉਂਕਿ ਵਪਾਰਕ ਕਾਰਜਕਾਰੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਮਰਥਕਾਂ ਨੇ ਅਮਰੀਕੀ ਟੈਰਿਫ ਦੇ ਵਿਰੋਧ ਵਿੱਚ ਅਮਰੀਕਾ ਵਿਰੋਧੀ ਭਾਵਨਾ ਵੱਡੇ ਪੱਧਰ ਤੇ ਭੜਕਾ ਦਿੱਤਾ ਹੈ।ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼, ਭਾਰਤ ਅਮਰੀਕੀ ਬ੍ਰਾਂਡਾਂ ਲਈ ਇੱਕ ਮੁੱਖ ਬਾਜ਼ਾਰ ਹੈ ਜੋ ਅਮੀਰ ਖਪਤਕਾਰਾਂ ਦੇ ਵਧ ਰਹੇ ਅਧਾਰ ਨੂੰ ਨਿਸ਼ਾਨਾ ਬਣਾਉਣ ਲਈ ਤੇਜ਼ੀ ਨਾਲ ਫੈਲਿਆ ਹੈ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਅੰਤਰਰਾਸ਼ਟਰੀ ਲੇਬਲਾਂ ਨਾਲ ਸ਼ੌਕੀਨ ਹੁੰਦੇ ਹਨ ਜਿਨ੍ਹਾਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਦੇ ਪ੍ਰਤੀਕ ਵਜੋਂ ਦੇਖਿਆ ਜਾਂਦਾ ਹੈ।ਉਦਾਹਰਣ ਵਜੋਂ, ਭਾਰਤ ਮੇਟਾ ਦੇ ਵਟਸਐਪ ਲਈ ਉਪਭੋਗਤਾਵਾਂ ਦੁਆਰਾ ਸਭ ਤੋਂ ਵੱਡਾ ਬਾਜ਼ਾਰ ਹੈ ਅਤੇ ਡੋਮਿਨੋਜ਼ ਵਿੱਚ ਦੇਸ਼ ਦੇ ਕਿਸੇ ਵੀ ਹੋਰ ਬ੍ਰਾਂਡ ਨਾਲੋਂ ਜ਼ਿਆਦਾ ਰੈਸਟੋਰੈਂਟ ਹਨ। ਪੈਪਸੀ ਅਤੇ ਕੋਕਾ-ਕੋਲਾ ਵਰਗੇ ਪੀਣ ਵਾਲੇ ਪਦਾਰਥ ਅਕਸਰ ਸਟੋਰ ਸ਼ੈਲਫਾਂ 'ਤੇ ਹਾਵੀ ਹੁੰਦੇ ਹਨ, ਅਤੇ ਲੋਕ ਅਜੇ ਵੀ ਲਾਈਨਾਂ ਵਿੱਚ ਖੜ੍ਹੇ ਹੁੰਦੇ ਹਨ ਜਦੋਂ ਕੋਈ ਨਵਾਂ ਐਪਲ ਸਟੋਰ ਖੁੱਲ੍ਹਦਾ ਹੈ ਜਾਂ ਸਟਾਰਬਕਸ ਕੈਫੇ ਛੋਟ ਦਿੰਦਾ ਹੈ। ਹਾਲਾਂਕਿ ਵਿਕਰੀ ਪ੍ਰਭਾਵਿਤ ਹੋਣ ਦਾ ਕੋਈ ਤੁਰੰਤ ਸੰਕੇਤ ਨਹੀਂ ਮਿਲਿਆ, ਪਰ ਡੋਨਾਲਡ ਟਰੰਪ ਵੱਲੋਂ ਭਾਰਤ ਤੋਂ ਆਉਣ ਵਾਲੇ ਸਾਮਾਨਾਂ 'ਤੇ 50% ਟੈਰਿਫ ਲਗਾਉਣ ਤੋਂ ਬਾਅਦ, ਸਥਾਨਕ ਖਰੀਦਣ ਅਤੇ ਅਮਰੀਕੀ ਉਤਪਾਦਾਂ ਨੂੰ ਛੱਡਣ ਲਈ ਸੋਸ਼ਲ ਮੀਡੀਆ ਅਤੇ ਆਫ਼ਲਾਈਨ ਦੋਵਾਂ 'ਤੇ ਇੱਕ ਵਧਦੀ ਆਵਾਜ਼ ਹੈ, ਜਿਸ ਨਾਲ ਨਿਰਯਾਤਕਾਂ ਨੂੰ ਝਟਕਾ ਲੱਗਾ ਹੈ ਅਤੇ ਨਵੀਂ ਦਿੱਲੀ ਅਤੇ ਵਾਸ਼ਿੰਗਟਨ ਵਿਚਕਾਰ ਸਬੰਧਾਂ ਨੂੰ ਨੁਕਸਾਨ ਪਹੁੰਚਿਆ ਹੈ।














# ਗੁਰਦਵਾਰਾ ਨਾਨਕ ਨਿਵਾਸ




8600 - NO. 5 RD., RICHMOND, B.C. • TEL: (604)274-7479, FAX: (604) 274-0046

## ਆਉਣ ਵਾਲੇ ਪ੍ਰੋਗਰਾਮ

**11 ਸਤੰਬਰ, 2025 ਦਿਨ ਵੀਰਵਾਰ ਆਨੰਦ ਕਾਰਜ ਲਈ ਤਰੀਕਾਂ ਖਾਲੀ ਹਨ। ਆਨੰਦ ਕਾਰਜ ਬੁੱਕ ਕਰਨ ਲਈ ਸੰਪਰਕ ਕਰੋ ਜੀ**

13 ਅਗਸਤ ਦਿਨ ਬੁੱਧਵਾਰ ਸਵੇਰੇ 10 ਵਜੇ ਸੁਖਵਿੰਦਰ ਸ਼ੇਰਗਿੱਲ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

14 ਅਗਸਤ ਦਿਨ ਵੀਰਵਾਰ ਸਵੇਰੇ 10 ਵਜੇ ਮਨਪ੍ਰੀਤ ਸਿੰਘ ਸੰਧੂ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

15 ਅਗਸਤ ਦਿਨ ਸ਼ੁੱਕਰਵਾਰ ਦਿਨ ਸਵੇਰੇ 10 ਵਜੇ ਗੁਰਮੀਤ ਰੰਧਾਵਾ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

15 ਅਗਸਤ ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਮੱਖਣ ਸਿੰਘ ਬੋਪਾਰਾਏ ਪਰਿਵਾਰ ਵੱਲੋ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ।

16 ਅਗਸਤ ਦਿਨ ਸ਼ਨੀਵਾਰ ਸ਼ਾਮ 6 ਵਜੇ ਭਾਦਰੋ ਦੇ ਮਹੀਨੇ ਦੀ ਸੰਗਰਾਂਦ ਦੇ ਦਿਹਾੜੇ ਨੂੰ ਮੁੱਖ ਰੱਖਦਿਆਂ ਹੋਇਆਂ ਸ਼ਾਮ ਦੇ ਦੀਵਾਨ ਵਿੱਚ ਗੁਰਬਾਣੀ ਕੀਰਤਨ,ਕਥਾ ਵਿਚਾਰਾ ਤੇ ਲੰਗਰਾਂ ਦੀ ਸੇਵਾ ਸਮੂਹ ਸੰਗਤਾਂ ਤੇ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹੋਵੇਗੀ।

17 ਅਗਸਤ ਦਿਨ ਐਤਵਾਰ ਸਵੇਰੇ 10 ਵਜੇ ਮੱਖਣ ਸਿੰਘ ਬੋਪਾਰਾਏ ਪਰਿਵਾਰ ਵੱਲੋਂ ਰੱਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਉਪਰੰਤ ਗੁਰਬਾਣੀ ਕੀਰਤਨ, ਕਥਾ ਤੇ ਲੰਗਰਾਂ ਦੀ ਸੇਵਾ ਪਰਿਵਾਰ ਵੱਲੋਂ ਹੋਵੇਗੀ।

17 ਅਗਸਤ ਦਿਨ ਐਤਵਾਰ ਸ਼ਾਮ 5 ਵਜੇ ਹਰਮਨ ਸਿੰਘ ਤੁਰ ਪਰਿਵਾਰ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਗੁਰਬਾਣੀ ਕੀਰਤਨ ਕਥਾ ਅਤੇ ਲੰਗਰਾਂ ਦੀ ਸੇਵਾ ਪਰਿਵਾਰ ਵੱਲੋ ਹੋਵੇਗੀ।

20 ਅਗਸਤ ਦਿਨ ਬੁੱਧਵਾਰ ਸ਼ਾਮ 5 ਵਜੇ ਤਰਲੋਚਨ ਸਿੰਘ ਦੀ ਸਾਲਾਨਾ ਬਰਸੀ ਦੇ ਸੰਬੰਧ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਭੋਗ ਉਪਰੰਤ ਗੁਰਬਾਣੀ ਕੀਰਤਨ, ਕਥਾ, ਉਪਰੰਤ ਅਰਦਾਸ ਤੇ ਲੰਗਰਾਂ ਦੀ ਸੇਵਾ ਪਰਿਵਾਰ ਵਲੋ ਹੋਵੇਗੀ।

21 ਅਗਸਤ ਦਿਨ ਵੀਰਵਾਰ ਸਵੇਰੇ 10 ਵਜੇ ਸੁਖਵਿੰਦਰ ਕੌਰ ਖੰਗੂਰਾ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

21 ਅਗਸਤ ਦਿਨ ਵੀਰਵਾਰ ਸ਼ਾਮ 5 ਵਜੇ ਮਨਮੋਹਨ ਬਰਮੀ ਪਰਿਵਾਰ ਵੱਲੋ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ, ਗੁਰਬਾਣੀ ਕੀਰਤਨ ਅਤੇ ਲੰਗਰਾਂ ਦੀ ਸੇਵਾ ਪਰਿਵਾਰ ਵੱਲੋਂ ਹੋਵੇਗੀ।

22 ਅਗਸਤ ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਗੁਰਬਿੰਦਰ ਤੱਖਰ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਹੋਵੇਗੀ।

23 ਅਗਸਤ ਦਿਨ ਸ਼ਨੀਵਾਰ ਸਵੇਰੇ 10 ਵਜੇ ਗੁਲਸ਼ਨ ਕਲੇਰ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

24 ਅਗਸਤ ਦਿਨ ਐਤਵਾਰ ਸਵੇਰੇ 10:30 ਵਜੇ ਹਫ਼ਤਾਵਾਰੀ ਕੀਰਤਨ ਦੀਵਾਨ ਤੇ ਕਥਾ ਵਿਚਾਰ ਸਮਾਗਮ ਹੋਣਗੇ, ਉਪਰੰਤ ਲੰਗਰਾਂ ਦੀ ਸੇਵਾ ਸੰਗਤਾਂ ਤੇ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹੋਵੇਗੀ।

25 ਅਗਸਤ ਦਿਨ ਸੋਮਵਾਰ ਸਵੇਰੇ 10 ਵਜੇ ਭੁਪਿੰਦਰ ਕੌਰ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

27 ਅਗਸਤ ਦਿਨ ਬੁੱਧਵਾਰ ਸਵੇਰੇ 10 ਵਜੇ ਗੁਰਮੁੱਖ ਸਿੰਘ ਰਾਏ ਪਰਿਵਾਰ ਵੱਲੋਂ ਆਨੰਦ ਕਾਰਜ ਦੀ ਰਸਮ ਹੋਵੇਗੀ।

**ਸਮੂਹ ਸੰਗਤ ਨੂੰ ਬੇਨਤੀ ਹੈ ਕਿ ਹਰ ਐਤਵਾਰ ਸਵੇਰੇ 10.30 ਵਜੇ ਤੋਂ 12 ਵਜੇ ਤੱਕ ਹਫ਼ਤਾਵਾਰੀ ਕੀਰਤਨ, ਕਥਾ ਸਮਾਗਮ ਹੁੰਦੇ ਹਨ, ਸੰਗਤ ਨੂੰ ਸੱਦਾ ਦਿੱਤਾ ਜਾਂਦਾ ਹੈ ਕਿ ਹਫ਼ਤਾਵਾਰੀ ਸਮਾਗਮ ਵਿੱਚ ਆ ਕੇ ਆਪਣੇ ਜੀਵਨ ਨੂੰ ਸਫਲ ਕਰੋ। ਜੇ ਕਿਸੇ ਪਰਿਵਾਰ ਨੇ ਹਫ਼ਤਾਵਾਰੀ ਦੀਵਾਨ ਵਿੱਚ ਗੁਰਬਾਣੀ ਕੀਰਤਨ ਤੇ ਲੰਗਰਾਂ ਦੀ ਸੇਵਾ ਲੈਣੀ ਹੋਵੇ ਉਹ ਪਰਿਵਾਰ ਪ੍ਰਬੰਧਕ ਕਮੇਟੀ ਨਾਲ ਸੰਪਰਕ ਕਰੋ।**

ਜਰੂਰੀ ਸੂਚਨਾ: ਪੰਜਾਬੀ ਸਕੂਲ 7 ਸਤੰਬਰ ਦਿਨ ਐਤਵਾਰ ਤੋਂ ਪੰਜਾਬੀ ਕਲਾਸਾਂ ਸ਼ੁਰੂ ਹੋ ਰਹੀਆਂ ਹਨ, ਬੇਨਤੀ ਹੈ ਕਿ ਆਪਣੇ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਵਾਉ ਤਾਂ ਜੋ ਬੱਚੇ ਪੰਜਾਬੀ ਬੋਲ,ਪੜ੍ਹ, ਲਿਖ ਸਕਣ। ਵਧੇਰੇ ਜਾਣਕਾਰੀ ਲਈ ਸਕੱਤਰ ਸ. ਬਲਵੰਤ ਸਿੰਘ ਸੰਘੇੜਾ ਨਾਲ 604-836-8976 ਤੇ ਸੰਪਰਕ ਕਰੋ।

**ਹਰ ਮੰਗਲਵਾਰ ਸਵੇਰੇ 10 ਵਜੇ ਬੀਬੀਆਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਕੀਤੇ ਜਾਂਦੇ ਹਨ ਅਤੇ ਲੰਗਰਾਂ ਦੀ ਸੇਵਾ ਸਮੂਹ ਸੁਖਮਨੀ ਸਾਹਿਬ ਵਾਲੀਆਂ ਬੀਬੀਆਂ ਵੱਲੋਂ ਹੁੰਦੀ ਹੈ**

### ਰੋਜ਼ਾਨਾ ਪ੍ਰੋਗਰਾਮ:

**ਸਵੇਰੇ 5:00 ਪ੍ਰਕਾਸ਼ ਗੁਰੂ ਗ੍ਰੰਥ ਸਾਹਿਬ, ਸਵੇਰੇ 6:00 ਤੋਂ 6:45 ਨਿਤਨੇਮ, ਸਵੇਰੇ 7:00 ਤੋਂ 7:30 ਕੀਰਤਨ ਦੀਵਾਨ, ਸਵੇਰੇ 7:30 ਤੋਂ 7:45 ਕਥਾ, ਸਵੇਰੇ 7:45 ਤੋਂ 8:00 ਅਰਦਾਸ ਸਮਾਪਤੀ**

### ਸ਼ਾਮ ਦੇ ਦੀਵਾਨ:

**ਰਹਿਰਾਸ ਸਾਹਿਬ ਸ਼ਾਮ 6 ਤੋਂ 6:20 ਵਜੇ ਤੱਕ ਕੀਰਤਨ/ਅਰਦਾਸ/ਹੁਕਮਨਾਮਾ 6.20 ਤੋਂ 6.45 ਵਜੇ ਤੱਕ ਸੁਖਆਸਣ ਰਾਤ 8:00 ਵਜੇ**

| ਪ੍ਰਧਾਨ | ਖਜ਼ਾਨਚੀ | ਸਕੱਤਰ | ਸਹਾਇਕ ਸਕੱਤਰ |
|---|---|---|---|
| ਮੋਹਨ ਸਿੰਘ ਸੰਧੂ | ਕਮਲਜੀਤ ਸਿੰਘ ਦੁਸਾਂਝ | ਬਲਵੰਤ ਸਿੰਘ ਸੰਘੇੜਾ | ਕੰਵਰਜੀਤ ਸਿੰਘ ਸਹੋਤਾ |

## ਗੁਰਦੁਆਰਾ ਸਾਹਿਬ ਦਾ ਫੋਨ:604-274-7479

Email:iccc8600@gmail.com

# ਐਬਸਫੋਰਡ ਪੁਲਿਸ ਵੱਲੋਂ 'ਬੋਲਾ ਰੈਪ' ਯੰਤਰ ਨੂੰ ਆਪਣੇ ਹਥਿਆਰਾਂ ਵਿੱਚ ਸ਼ਾਮਿਲ ਕੀਤਾ ਗਿਆ

ਵੈਨਕੂਵਰ (ਮਲਕੀਤ ਸਿੰਘ)– ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ ਚ ਪੈਂਦੇ ਪੰਜਾਬੀਆਂ ਦੀ ਸੰਘਣੀ ਵੱਸੋਂ ਵਾਲੇ ਐਬਸਫੋਰਡ ਸ਼ਹਿਰ ਦੀ ਪੁਲਿਸ ਵੱਲੋਂ 'ਬੋਲਾ ਰੈਪ ' ਯੰਤਰ ਨੂੰ ਆਪਣੇ ਹਥਿਆਰਾਂ ਵਿੱਚ ਸ਼ਾਮਿਲ ਕਰਨ ਉਪਰੰਤ ਪ੍ਰੈਕਟੀਕਲ ਤੌਰ ਤੇ ਇਸ ਤਕਨੀਕ ਦੀ ਵਰਤੋਂ ਕੀਤੀ ਗਈ। ਜ਼ਿਕਰਯੋਗ ਹੈ ਕਿ' ਬੋਲਾ ਰੈਪ' ਇੱਕ ਅਜਿਹਾ ਛੋਟਾ ਮਕੈਨੀਕਲ ਡਿਵਾਈਸ ਹੈ ਜਿਸ ਦੀ ਲੋੜ ਪੈਣ ਤੇ ਬਟਨ ਦਬਾਉਣ ਮਗਰੋਂ ਨਿਕਲਦੀਆਂ ਬੈਲਟਾਂ ਲੋੜੀਂਦੇ ਸੰਬੰਧਿਤ ਵਿਅਕਤੀ ਦੀਆਂ ਲੱਤਾਂ ਅਤੇ ਬਾਹਾਂ ਨੂੰ ਤੁਰੰਤ ਲਪੇਟ ਕੇ ਬਿਨਾਂ ਨੁਕਸਾਨ ਉਸ ਨੂੰ ਨਿਯੰਤਰ ਕਰਨ 'ਚ ਮਦਦ ਕਰਦੀਆ ਹਨ ਇਸੇ ਤਕਨੀਕ ਦੀ ਵਰਤੋਂ ਕਰਦਿਆਂ ਅੱਜ ਪਹਿਲੀ ਵਾਰ ਐਫਸਫੋਰਡ ਪੁਲਿਸ ਵੱਲੋਂ ਰੋਡ ਤੇ ਆ ਕੇ ਰੁਕਾਵਟ ਪੈਦਾ ਕਰਨ ਵਾਲੇ ਵਿਅਕਤੀ ਨੂੰ ਬਿਨਾਂ ਕੋਈ ਨੁਕਸਾਨ ਪਹੁੰਚਾਏ ਕਾਬੂ ਕਰ ਲਿਆ ਗਿਆ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਅਮਰੀਕਾ ਦੇ ਕਈ ਸ਼ਹਿਰਾਂ ਵਿੱਚ ਵੀ 'ਬੋਲਾ ਰੈਪ' ਦੀ ਤਕਨੀਕ ਅਪਣਾਈ ਜਾਂਦੀ ਹੈ।

DOMESTIC & INTERNATIONAL COURIER SERVICES

First Flight®
First Flight Couriers Ltd.

FFCL COURIERS INC.

COURIER RATES TO INDIA

1st Lb $25
11Lb $75
23KG $210
30KG $260
Every Added KG$12/KG



Documents 1LB:$25 Non Documents 1LB:$25 Additional $6/LB

Web:yvrfirstflightcanada.com

Call:604-628-0406

#203 8120-128St, Surrey (Payal Business Center)
#208 Cedar Park Place Abbotsford, BC
Hours: Thu-Sun 11am-6pm

1730 Ave Dollard, Lasalle QC
Ph:514-944-9631, 905-673-9631
Hours: Mon-Sun 12 pm-7pm

Brampton/Scarborough/Bovaird Location: #135-2980 Drew Rd (Back Enterance), Mississauga On L4T 0A7

www.deltondentures.com

DELTON DENTURE CLINIC LTD.

Denturists Are Denture Specialist

ਤੁਹਾਡੇ ਜੁਬਾੜੇ ਦੀਆਂ ਹਰ ਤਰ੍ਹਾਂ ਦੀਆਂ ਸੇਵਾਵਾਂ

"We accept CANADIAN DENTAL CARE PLAN for Dentures"

- Complete Dentures
- Immediate Dentures
- Partial Dentures
- Dentures Over Implants
- Same Day Relines
- Repairs, Soft Linings
- Sport Guards

ਅਸੀਂ ਦੰਦ ਬਣਾਉਣ 'ਚ ਮਾਹਿਰ ਹਾਂ

WE ARE DENTURISTS

CONSUMER CHOICE AWARD 2018 VANCOUVER
Business Category Denturist

ਅਸੀਂ ਜੁਬਾੜੇ ਬਣਾਉਂਦੇ ਹਾਂ

Get a Beautiful Smile





Chris Kozakiewicz
BSc., R.D.

Mon-Fri: 9am-5pm, Saturdays By Appointment

Scott 72 Shopping Centre
#209- 7313-120th St., Delta ( Above London Drugs & Staples )
604.590.1111

• ਇੰਸ਼ੋਰੈਂਸ ਦੀਆਂ ਸਾਰੀਆਂ ਵੱਡੀਆਂ ਪਲੈਨਾਂ ਲੈਂਦੇ ਹਾਂ • ਅਸੀਂ ਪੰਜਾਬੀ, ਹਿੰਦੀ ਅਤੇ ਉਰਦੂ ਬੋਲਦੇ ਹਾਂ
• ਸ਼ਾਮ ਅਤੇ ਵੀਕਐਂਡ ਦੀਆਂ ਅਪਾਇੰਟਮੈਂਟਾਂ ਉਪਲਬੱਧ ਹਨ • ਸਕਾਟ ਰੋਡ ਗੁਰਦਵਾਰਾ ਦੇ ਨੇੜੇ, ਸਤਨਾਮ ਪਲਾਜ਼ਾ ਵਿੱਚ

ਪਿਛਲੇ 10 ਸਾਲਾਂ ਤੋਂ ਉੱਪਰ ਸੇਵਾਵਾਂ ਪ੍ਰਦਾਨ ਕਰਦੇ ਆ ਰਹੇ ਹਾਂ




ਸੇਵਾਵਾਂ :
- ਜਾੜ ਭਰਨੀ
- ਦੰਦ ਕੱਢਣੇ
- ਕਰਾਊਨ ਤੇ ਬ੍ਰਿਜ
- ਡਿਜੀਟਲ ਐਕਸਰੇ
- ਵਾਈਟ ਫਿਲਿੰਗਸ
- ਦੰਦਾਂ ਦੀ ਸਫਾਈ ਅਤੇ ਚੈੱਕਅੱਪ

SERVICES:
- Extractions
- White Fillings
- Root Canals
- Crown & Bridge
- Digital X-Rays
- Teeth Cleaning & Checkup

- All Major Insurance Plans Accepted
- Punjabi, Hindi, Urdu Spoken
- New Patients Welcome

Evening & Weekend Appointment Available

Practising For Over 10 Years

ਇਮਰਜੈਂਸੀ ਅਪਾਇੰਟਮੈਂਟਾਂ ਉਪਲਬੱਧ ਹਨ

EVERSHINE DENTISTRY

EVERSHINE
FAMILY DENTISTRY
ਤੁਹਾਡੇ ਪਰਿਵਾਰ ਲਈ...ਤੰਦਰੁਸਤ ਤੇ ਸੁੰਦਰ ਮੁਸਕਾਨ




604.593.6515
#111 - 7130 120th Street, Surrey, BC
Near Guru Nanak Sikh Gurdwara
Ground Floor of Satnam Plaza

(FREE AMPLE PARKING)



Dr. Anjanpal Kaur Bhalla

www.evershinedental.ca

ਡਾ. ਅੰਜਨਪਾਲ ਕੌਰ ਭੱਲਾ

ੴ

TRUTH IS THE HIGHEST OF ALL THINGS:
HIGHER STILL IS TRUTHFUL LIVING -GURU NANAK DEV JI

ੴ ਸਤਿਗੁਰ ਪ੍ਰਸਾਦਿ

# ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ

12885-85Ave. Surrey, BC V3W 0K8 Canada




## ਗੁਰਦੁਆਰਾ ਸਾਹਿਬ ਦਸ਼ਮੇਸ਼ ਦਰਬਾਰ ਸਰੀ ਵਿਖੇ ਹੋ ਰਹੇ ਪ੍ਰੋਗਰਾਮਾਂ ਦਾ ਵੇਰਵਾ

ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਤੇ 18 ਅਗਸਤ ਤੋਂ 23 ਅਗਸਤ ਤੱਕ ਸ਼ਾਮ 6:30 ਤੋਂ 8:30 ਤੱਕ ਆਤਮ ਰਸ ਕੀਰਤਨ ਦਰਬਾਰ ਸਜਿਆ ਕਰੇਗਾ। ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ ਸ਼੍ਰੀ ਹਰਿਮੰਦਰ ਸਾਹਿਬ ਵਾਲੇ ਅਤੇ ਭਾਈ ਮਹਿਤਾਬ ਸਿੰਘ ਜਲੰਧਰ ਵਾਲੇ ਹਾਜਰੀ ਭਰਨਗੇ।

**ਦਮਦਮੀ ਟਕਸਾਲ ਦੇ ਮਹਾਂਪੁਰਸ਼ਾਂ ਦੀ ਯਾਦ ਵਿੱਚ**

*24 ਅਗਸਤ ਐਤਵਾਰ ਸ਼ਾਮ ਸਮੇਂ ਕਥਾ ਦਰਬਾਰ *25 ਅਗਸਤ ਸੋਮਵਾਰ ਤੰਤੀ ਸਾਜਾਂ ਨਾਲ ਕੀਰਤਨ *26 ਅਗਸਤ ਮੰਗਲਵਾਰ ਢਾਡੀ ਦਰਬਾਰ

27 ਤੋਂ 31 ਅਗਸਤ ਤੱਕ ਸ਼ਾਮ 6:30 ਤੋਂ 8:30 ਤੱਕ ਕੀਰਤਨ ਦਰਬਾਰ ਸਜਿਆ ਕਰੇਗਾ ਜਿਸ ਵਿੱਚ ਵਿਸ਼ੇਸ਼ ਤੌਰ ਤੇ ਭਾਈ ਹਰਜਿੰਦਰ ਸਿੰਘ ਜੀ ਸ਼੍ਰੀ ਨਗਰ ਵਾਲੇ ਅਤੇ ਭਾਈ ਮਨਿੰਦਰ ਸਿੰਘ ਸ਼੍ਰੀ ਨਗਰ ਵਾਲੇ ਹਾਜਰੀ ਭਰਨਗੇ।

ਇਸ ਹਫਤੇ ਦੇ ਗੁਰੂਘਰ ਵਿਖੇ ਸ਼ਹੀਦੀ ਦਿਵਸ ਭਾਈ ਗੁਰਮੇਜ ਸਿੰਘ ਚਾਚੋਵਾਲੀ ਮਨਾਇਆ ਜਾਵੇਗਾ।

*15 ਅਗਸਤ ਦਿਨ ਸ਼ੁੱਕਰਵਾਰ 5 ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ:
(1) ਬੀਬੀ ਜਸਕੀਨ ਕੌਰ ਬੈਨੀਪਾਲ ਪਰਿਵਾਰ ਵੱਲੋਂ (2) ਜਨਮ ਦਿਨ ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲੇ (3) ਭਾਈ ਹਰਪ੍ਰੀਤ ਸਿੰਘ ਪਰਿਵਾਰ ਵੱਲੋਂ (4) ਬਾਬਾ ਅਮਰ ਸਿੰਘ ਸੋਢੀ ਜੀ ਦੀ ਬਰਸੀ ਤੇ ਪਿੰਡ ਚੁਗਾਵਾਂ ਦੀ ਸੰਗਤ ਵੱਲੋਂ (5) ਭਾਈ ਲੈਂਹਬਰ ਸਿੰਘ ਪਰਿਵਾਰ ਵੱਲੋਂ

*15 ਅਗਸਤ ਦਿਨ ਸ਼ੁੱਕਰਵਾਰ ਭਾਈ ਸਾਹਿਬ ਜੀ ਰਾਜਪਾਲ ਭਾਈ ਸਤਿਆਪਾਲ ਮਲਿਕ ਜੀ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਣਗੇ।

*15 ਅਗਸਤ ਦਿਨ ਦਿਨ ਸ਼ੁੱਕਰਵਾਰ ਸੁਖਮਨੀ ਸਾਹਿਬ ਪਾਠ ਬੀਬੀ ਰਣਜੀਤ ਕੌਰ ਦਿਓਲ ਪਰਿਵਾਰ ਵੱਲੋਂ

*16 ਅਗਸਤ ਦਿਨ ਸ਼ਨਿੱਚਰਵਾਰ ਸੁਖਮਨੀ ਸਾਹਿਬ ਪਾਠ ਤੇ ਲੰਗਰ ਸੇਵਾ ਭਾਈ ਚੇਤੰਨ ਸਿੰਘ ਪਰਿਵਾਰ ਵੱਲੋਂ ਹੋਵੇਗੀ

*17 ਅਗਸਤ ਦਿਨ ਐਤਵਾਰ ਸੁਖਮਨੀ ਸਾਹਿਬ ਦੇ ਪਾਠ ਤੇ ਲੰਗਰ ਦੀ ਸੇਵਾ (1) ਭਾਈ ਮਨਿੰਦਰ ਸਿੰਘ ਗਰੇਵਾਲ ਪਰਿਵਾਰ (2) ਭਾਈ ਰਾਜਵੰਤ ਸਿੰਘ ਗਿੱਲ ਪਰਿਵਾਰ ਵੱਲੋਂ ਹੋਵੇਗੀ।

**30 ਅਗਸਤ ਦਿਨ ਸ਼ਨਿੱਚਰਵਾਰ ਸਵੇਰੇ 2 ਵਜੇ ਅੰਮ੍ਰਿਤ ਸੰਚਾਰ ਹੋਵੇਗਾ**

## ਸਮੂਹ ਸਾਧ ਸੰਗਤ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਗੁਰੂ ਦਰਬਾਰ ਵਿਚ ਹਾਜਰੀ ਭਰ ਕੇ ਤਨ, ਮਨ, ਧਨ ਨਾਲ ਸੇਵਾ ਕਰ ਕੇ ਜੀਵਨ ਸਫਲਾ ਕਰੋ ਜੀ

## ਗੁਰਦੁਆਰਾ ਸਾਹਿਬ ਵਿਖੇ ਕੋਈ ਵੀ ਸੇਵਾ ਲੈਣ ਅਤੇ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ 604-594-2574 ਤੇ ਸੰਪਰਕ ਕਰੋ ਜੀ

# 14-15 ਅਗਸਤ 1947:ਆਜ਼ਾਦੀ ਨਹੀਂ, ਉਜਾੜਾ
# "ਸੌਂ ਜਾ ਮੇਰੇ ਮਾਲਕਾ ਵੀਰਾਨ ਹੋਈ ਰਾਤ"

ਵੀਹਵੀਂ ਸਦੀ ਦੇ ਆਰੰਭ ਵਿੱਚ ਗ਼ਦਰ ਪਾਰਟੀ ਨੇ ਕੈਨੇਡਾ-ਅਮਰੀਕਾ ਦੀ ਧਰਤੀ ਤੋਂ ਭਾਰਤ ਨੂੰ ਬ੍ਰਿਟਿਸ਼ ਸਾਮਰਾਜ ਤੋਂ ਆਜ਼ਾਦ ਕਰਵਾਉਣ ਦਾ ਬਿਗਲ ਬਜਾਇਆ ਸੀ। ਗ਼ਦਰੀ ਬਾਬਿਆਂ ਨੇ ਆਜ਼ਾਦ ਦੇਸ਼ ਲਈ ਨਾਂ 'ਯੂਨਾਈਟਿਡ ਸਟੇਟਸ ਆਫ਼ ਇੰਡੀਆ' ਦਿੱਤਾ ਸੀ, ਜਿਸ ਦਾ ਭਾਵ ਸੀ 'ਮਜ਼ਬੂਤ ਸੰਘੀ ਢਾਂਚਾ' ਭਾਵ ਦੇਸ਼ ਦੇ ਸਮੂਹ ਰਾਜ, ਉਥੋਂ ਦੇ ਭਾਈਚਾਰੇ, ਮੂਲਵਾਸੀ ਤੇ ਘੱਟ ਗਿਣਤੀਆਂ ਆਪਣਾ ਸਭਿਆਚਾਰ, ਪਹਿਰਾਵੇ, ਖਾਣ-ਪੀਣ, ਬੋਲ-ਚਾਲ ਅਤੇ ਰਹਿਣ- ਸਹਿਣ ਦਾ ਪੂਰਨ ਆਨੰਦ ਮਾਣ ਸਕਣ। ਇਸ ਦਾ ਭਾਵ ਇਹ ਵੀ ਸੀ ਕਿ ਨਾ ਤਾਂ ਸੱਤਾ ਦਾ ਭਾਰੀ 'ਕੇਂਦਰੀਕਰਨ' ਹੋਵੇ ਅਤੇ ਨਾ ਹੀ ਰਾਜਨੀਤੀ ਦਾ 'ਧਰੁਵੀਕਰਨ'। ਸੰਘੀ ਢਾਂਚੇ 'ਚ ਕੇਂਦਰ ਆਪਣੇ ਸੂਬਿਆਂ ਦੀਆਂ ਸਰਕਾਰਾਂ ਨਾਲ ਧੱਕੇਸ਼ਾਹੀ ਨਾ ਕਰੇ ਅਤੇ ਕੇਂਦਰੀ ਸਰਕਾਰ ਸੁਆਰਥ ਲਈ, ਸਿਆਸੀ ਵਿਰੋਧੀਆਂ ਦਾ ਅੰਤ ਨਾ ਕਰੇ। ਗ਼ਦਰੀ ਬਾਬਿਆਂ ਦੀ ਇਸ ਸੋਚ ਨਾਲ ਅੱਜ ਜਿਵੇਂ ਖਿਲਵਾੜ ਹੋ ਰਿਹਾ ਹੈ, ਜਿਸ ਦੀਆਂ ਅਨੇਕਾਂ ਮਿਸਾਲਾਂ ਮੌਜੂਦਾ ਆਜ਼ਾਦ ਭਾਰਤ ਦੇ ਸੰਘੀ ਢਾਂਚੇ 'ਤੇ ਸੁਆਲ ਖੜੇ ਕਰਦੀਆਂ ਹਨ।

'ਸ਼ੇਰਾਂ ਦੀ ਮਾਰਾਂ ਤੇ ਗਿੱਦੜਾਂ ਦੀਆਂ ਕਲੋਲਾਂ' ਵਾਂਗ ਜਿਹੜੇ ਆਰਐਸਐਸ ਦੇ ਸੰਘੀ ਕੋੜਮੇ ਨੇ ਆਜ਼ਾਦੀ 'ਚ ਹਿੱਸਾ ਪਾਉਣ ਦੀ ਥਾਂ, ਅੰਗਰੇਜ਼ਪ੍ਰਸਤੀ ਕੀਤੀ, ਅੱਜ ਉਹ ਆਜ਼ਾਦੀ ਦੇ ਪ੍ਰਵਾਨਿਆਂ ਤੋਂ 'ਦੇਸ਼ ਪਿਆਰ' ਦੇ ਪ੍ਰਮਾਣ ਮੰਗ ਰਹੇ ਹਨ। ਸਿਤਮਜ਼ਰੀਫੀ ਇਹ ਹੈ ਕਿ ਆਰਐਸਐਸ ਦੇ ਮੋਹਨ ਭਾਗਵਤ ਵਰਗਿਆਂ ਦੇ ਦਰਬਾਰ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਤਾਬਿਆਦਾਰ ਬਣ ਕੇ ਜਵਾਬਦੇਹ ਹੋ ਰਹੇ ਹਨ। ਇਸ ਤੋਂ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਆਰਐਸਐਸ ਦੇ ਮੌਜੂਦਾ ਭਾਰਤ ਵਿੱਚ ਵਿਦਿਆ ਦਾ ਭਗਵਾਂਕਰਨ ਕਿਸ ਪੱਧਰ ਤੱਕ ਜਾ ਜਾਵੇਗਾ? ਆਰਐਸਐਸ ਦੇ ਨਕਸ਼ੇ ਕਦਮਾਂ ਤੇ ਚੱਲਣ ਵਾਲੀ ਬੀਜੇਪੀ ਸਰਕਾਰ ਦੇ ਸਿਆਸੀ ਵਿਰੋਧ ਕਾਰਨ ਵੱਖ-ਵੱਖ ਸੂਬੇ ਅਤੇ ਸਿਆਸੀ ਪਾਰਟੀਆਂ ਕੇਂਦਰ ਵੱਲੋਂ ਕੁਚਲੇ ਜਾ ਰਹੇ ਰਹੇ ਹਨ। ਮਨੀਪੁਰ ਦੀ ਸਥਿਤੀ ਇਸਦੀ ਮੂੰਹ ਬੋਲਦੀ ਤਸਵੀਰ ਹੈ, ਜਿੱਥੇ ਘੱਟ ਗਿਣਤੀ ਕੂਕੀ ਇਸਾਈ ਭਾਈਚਾਰੇ ਦੀਆਂ ਔਰਤਾਂ ਦੀ ਨਗਨ ਪਰੇਡ, ਸਮੂਹਿਕ ਬਲਾਤਕਾਰ ਅਤੇ ਸ਼ਰੇ- ਬਾਜ਼ਾਰ ਕਤਲ ਬਹੁਗਿਣਤੀਵਾਦ ਦੀ ਸਿਆਸੀ ਚਾਲ ਅਤੇ ਫਿਰਕੂਵਾਦ ਦਾ ਨਤੀਜਾ ਹੈ। ਹਿੰਦੂਤਵ ਦੇ ਏਜੰਡੇ ਅਧੀਨ 'ਹਿੰਦੀ, ਹਿੰਦੂ ਅਤੇ ਹਿੰਦੁਸਤਾਨ' ਦਾ ਢੰਡੋਰਾ ਪਿਟਦੇ ਦੇਸ਼ ਦੇ ਹਾਕਮ ਘੱਟ ਗਿਣਤੀਆਂ ਤੇ ਅੱਤਿਆਚਾਰ, ਧਾਰਾ 370 ਦਾ ਖਾਤਮਾ, ਸੀ.ਏ.ਏ. ਵਰਗੇ ਐਕਟਾਂ ਰਾਹੀਂ ਵੋਟਾਂ ਦੇ ਧਰੁਵੀਕਰਨ ਲਈ ਜ਼ਮੀਨ ਤਿਆਰ ਕਰ ਰਹੇ ਹਨ।ਸੱਚ ਤਾਂ ਇਹ ਹੈ ਕਿ ਗ਼ਦਰੀ ਬਾਬਿਆਂ ਦੇ ਸੁਪਨਿਆਂ ਨਾਲ ਉਦੋਂ ਹੀ ਖਿਲਵਾੜ ਹੋ ਗਿਆ ਸੀ, ਜਦੋਂ 14-15 ਅਗਸਤ 1947 ਨੂੰ ਦੇਸ਼ ਪੰਜਾਬ ਦੇ ਦੋ ਟੁਕੜੇ ਹੋਏ ਸਨ। ਲੱਖਾਂ ਲੋਕ ਮਾਰੇ ਗਏ ਸਨ। ਪੰਜਾਬ ਦੇ ਹਿੱਸਿਆਂ 'ਚ ਵੰਡਣ ਦਰਦ ਪਾਕਿਸਤਾਨੀ ਪੰਜਾਬ ਦੇ ਕਵੀ ਉਸਤਾਦ 'ਦਾਮਨ' ਇਉਂ ਮਹਿਸੂਸ ਕਰਦੇ ਹਨ;

"ਇਸ ਮੁਲਕ ਦੀ ਵੰਡ ਕੋਲੋਂ ਯਾਰੋ,  
ਖੋਏ ਤੁਸੀਂ ਵੀ ਓ, ਖੋਏ ਅਸੀਂ ਵੀ ਹਾਂ।  
ਇਨ੍ਹਾਂ ਆਜ਼ਾਦੀਆਂ ਹੱਥੋਂ ਬਰਬਾਦ ਹੋਣਾ,  
ਹੋਏ ਤੁਸੀਂ ਵੀ ਓ, ਹੋਏ ਅਸੀਂ ਵੀ ਆਂ।  
ਜਿਉਂਦੀ ਜਾਨ ਈ ਮੌਤ ਦੇ ਮੂੰਹ ਅੰਦਰ,  
ਢੋਏ ਤੁਸੀਂ ਵੀ ਓ, ਢੋਏ ਅਸੀਂ ਵੀ ਆਂ।  
ਲਾਲੀ ਅੱਖੀਆਂ ਦੀ ਪਈ ਦਸਦੀ ਏ,  
ਰੋਏ ਤੁਸੀਂ ਵੀ ਓ, ਰੋਏ ਅਸੀਂ ਵੀ ਆਂ।"

ਅੰਗਰੇਜ਼ਾਂ ਖ਼ਿਲਾਫ਼ ਆਜ਼ਾਦੀ ਦੇ ਸੰਘਰਸ਼ ਵਿਚ ਸਭ ਤੋਂ ਵੱਧ ਕੁਰਬਾਨੀਆਂ ਦੇ ਕੇ ਸ਼ਹੀਦੀਆਂ ਪਾਉਣ, ਉਮਰ ਕੈਦ ਕੱਟਣ ਅਤੇ ਕਾਲੇ ਪਾਣੀਆਂ ਦਾ ਦਰਦ ਝੱਲਣ ਵਾਲੇ ਪੰਜਾਬੀਆਂ ਨੂੰ ਹੀ ਦੇਸ਼ ਦੀ ਵੰਡ ਦਾ ਦਰਦ, ਸਭ ਤੋਂ ਵੱਧ ਹੰਢਾਉਣਾ ਪਿਆ। ਇਕ ਅੰਦਾਜ਼ੇ ਅਨੁਸਾਰ ਫ਼ਿਰਕੂ ਨਫ਼ਰਤ ਦੇ ਭਾਂਬੜ ਬਾਲ ਕੇ, ਪੰਜਾਬ ਨੂੰ ਦੋ ਟੋਟਿਆਂ 'ਚ ਵੰਡੇ ਜਾਣ ਦੌਰਾਨ 10 ਲੱਖ ਤੋਂ ਵੱਧ ਪੰਜਾਬੀਆਂ ਦੇ ਕਤਲ ਹੋਏ। ਸਦੀ ਦੇ ਮਹਾਂ-ਦੁਖਾਂਤ ਨੂੰ ਜਸ਼ਨ ਵਜੋਂ ਮਨਾਉਣਾ ਬੌਧਿਕ ਦੀਵਾਲੀਆਪਣ ਨਹੀਂ, ਤਾਂ ਹੋਰ ਕੀ ਹੈ ? ਅਜਿਹੇ ਦੁਖਾਂਤ 'ਤੇ ਮਾਤਮ ਮਨਾਉਣ ਦੀ ਲੋੜ ਹੈ, ਨਾ ਕਿ ਜਸ਼ਨ ਮਨਾਉਣ ਦੀ, ਜਿਵੇਂ ਕਿ ਮਹਾਨ ਸ਼ਾਇਰ ਡਾ ਹਰਭਜਨ ਸਿੰਘ ਇਹ ਦਰਦ ਬਿਆਨ ਕਰਦੇ ਸਨ;

"ਸੌਂ ਜਾ ਮੇਰੇ ਮਾਲਕਾ ਵੇ ਵਰਤਿਆ ਹਨੇਰ  
ਵੇ ਕਾਲਖਾਂ 'ਚ ਤਾਰਿਆਂ ਦੀ ਡੁੱਬ ਗਈ ਸਵੇਰ।  
ਹੈ ਖੂਹਾਂ ਵਿੱਚ ਆਦਮੀ ਦੀ ਜਾਗਦੀ ਸੜ੍ਹਾਂਦ  
ਤੇ ਸੌਂ ਗਏ ਨੇ ਆਦਮੀ ਤੋਂ ਸੱਖਣੇ ਗਵਾਂਢ।  
ਵੇ ਸੀਤ ਨੇ ਮੁਆਤੇ ਤੇ ਗਸ਼ ਹੈ ਜ਼ਮੀਨ,  
ਵੇ ਸੀਨਿਆਂ ਵਿੱਚ ਸੁੰਨ ਦੋਵੇਂ ਖ਼ੂਨ ਤੇ ਸੰਗੀਨ।  
ਵੇ ਜ਼ਿੰਦਗੀ ਬੇਹੋਸ਼ ਤੇ ਖ਼ਾਮੋਸ਼ ਕਾਇਨਾਤ  
ਵਿਹਲਾ ਹੋ ਕੇ ਸੌਂ ਗਿਆ ਐ ਲੋਹਾ ਇਸਪਾਤ।  
ਸੌਂ ਜਾ ਮੇਰੇ ਮਾਲਕਾ ਵੀਰਾਨ ਹੋਈ ਰਾਤ।"

'ਆਜ਼ਾਦੀ' ਅਜਿਹਾ ਸ਼ਬਦ ਹੈ, ਜੋ ਆਪਣੇ ਵਿਸ਼ਾਲ ਕਲਾਵੇ ਵਿੱਚ ਅਨੇਕਾਂ ਮਹੱਤਵਪੂਰਨ ਸੰਕਲਪਾਂ ਨੂੰ ਸਮੋਈ ਬੈਠਾ ਹੈ। ਬਹੁ ਪੱਖੀ ਤੇ ਬਹੁ-ਪਸਾਰੀ ਸ਼ਬਦ ਆਜ਼ਾਦੀ ਦਾ ਲਫ਼ਜ਼ੀ ਅਰਥ ਹੈ- 'ਸਰੀਰਕ, ਮਾਨਸਿਕ, ਸਮਾਜਿਕ, ਆਰਥਿਕ, ਰਾਜਨੀਤਕ ਅਤੇ ਸਭਿਆਚਾਰਕ ਪੱਖੋਂ ਕਿਸੇ ਵਿਅਕਤੀ, ਸਮਾਜ ਅਤੇ ਦੇਸ਼ ਦੀ ਪੂਰਨ ਸੁਤੰਤਰਤਾ, ਸੰਸਾਰ ਦੇ ਹਰ ਪ੍ਰਾਣੀ ਦਾ ਜਮਾਂਦਰੂ ਹੱਕ ਹੈ। ਜ਼ਿੰਦਗੀ ਵਾਸਤੇ ਆਜ਼ਾਦੀ ਉਨੀ ਹੀ ਲਾਜ਼ਮੀ ਹੈ, ਜਿੰਨੇ ਸਰੀਰ ਲਈ ਅੰਨ, ਪਾਣੀ ਅਤੇ ਹਵਾ ਆਦਿ। ਜਿਥੇ ਅਧਿਆਤਮਕ ਸ਼ੈਲੀ ਵਿੱਚ ਬਾਬਾ ਫ਼ਰੀਦ 'ਬਾਰਿ ਪਰਾਇਐ ਬੈਸਣਾ'' ਵਿੱਚ ਆਤਮਿਕ ਗੁਲਾਮੀ ਦੀ ਸਥਿਤੀ ਨਾਲੋਂ ਮੌਤ ਨੂੰ ਪਹਿਲ ਦਿੰਦੇ ਹਨ, ਉਥੇ ਵਿਸ਼ਵ ਦੇ ਪ੍ਰਸਿੱਧ ਫਿਲਾਸਫ਼ਰ ਪੈਟਕਿਰ ਹੈਨਰੀ ਦੇ ਸ਼ਬਦ ਹਨ ''ਜੇ ਤੁਸੀ ਮੈਨੂੰ ਆਜ਼ਾਦੀ ਨਹੀਂ ਦੇ ਸਕਦੇ, ਤਾਂ ਇਸ ਨਾਲੋਂ ਬਿਹਤਰ ਹੈ ਕਿ ਤੁਸੀ ਮੈਨੂੰ ਮੌਤ ਦੇ ਦਿਓ।'' ਦੁਨੀਆ ਦੇ ਹਰ ਮੁਲਕ ਵਿੱਚ ਹਰ ਕੌਮ ਵੱਲੋਂ, ਆਜ਼ਾਦੀ ਪ੍ਰਾਪਤੀ ਲਈ ਨਿਰੰਤਰ ਜਦੋ-ਜਹਿਦ ਹੁੰਦੀ ਰਹੀ ਹੈ ਅਤੇ ਤਦ ਤੱਕ ਜਾਰੀ ਰਹੀ ਹੈ, ਜਦ ਪੂਰਨ ਆਜ਼ਾਦੀ ਪ੍ਰਾਪਤ ਨਹੀਂ ਹੋਈ।ਭਾਰਤ ਨੂੰ ਗੁਲਾਮੀ ਦੇ ਸ਼ਿਕੰਜੇ ਤੋਂ ਖਲਾਸੀ ਦਿਵਾਉਣ ਦੀ ਗੌਰਵਮਈ ਇਤਿਹਾਸਕ ਗਾਥਾ ਵਿੱਚ ਵੀ ਪੰਜਾਬੀਆਂ, 'ਖ਼ਾਸਕਰ ਸਿੱਖਾਂ' ਵੱਲੋਂ ਸਭ ਤੋਂ ਵੱਧ ਦਿੱਤੀਆਂ ਗਈਆਂ ਕੁਰਬਾਨੀਆਂ ਦੀ ਦਾਸਤਾਨ ਮੌਜੂਦ ਹੈ। ਮਹਾਨ ਸਿੱਖ ਸੂਰਵੀਰਾਂ ਦੀਆਂ ਸ਼ਹੀਦੀਆਂ ਦੇ ਸਿੱਟੇ ਵਜੋਂ ਹੀ ਕਦੇ ਨਾ ਅਸਤ ਹੋਣ ਵਾਲਾ 'ਬ੍ਰਿਟਿਸ਼ ਸਾਮਰਾਜ ਦਾ ਸੂਰਜ', ਸਦਾ ਲਈ ਛਿਪ ਗਿਆ ਸੀ। ਬਦਲੇ ਵਿੱਚ ਸਿੱਖਾਂ ਨੂੰ ਕੀ ਮਿਲਿਆ- 'ਗੁਲਾਮੀ'।ਧੱਕੇਸ਼ਾਹੀਆਂ ਅਤੇ ਜਬਰ ਤੋਂ ਤੰਗ ਆ ਕੇ ਸਿੱਖ ਆਪਣੇ ਆਜ਼ਾਦ ਦੇਸ਼ ਦੀ ਮੰਗ ਨਾ ਕਰਨ ਤਾਂ ਹੋਰ ਕੀ ਕਰਨ?ਵਰਤਮਾਨ ਸਮੇਂ ਆਖਣ ਨੂੰ ਤਾਂ ਭਾਰਤ ਨੂੰ ਆਜ਼ਾਦੀ ਹੋਇਆ 78 ਵਰ੍ਹੇ ਬੀਤ ਚੁੱਕੇ ਹਨ, ਪਰ ਵਿਚਾਰਯੋਗ ਗੱਲ ਇਹ ਹੈ ਕਿ ਇਸ ਸਮੇਂ ਦੌਰਾਨ ਦੇਸਵਾਸੀਆਂ ਨੇ 'ਆਜ਼ਾਦੀ ਦਾ ਨਿੱਘ' ਮਾਣਿਆਂ ਵੀ ਹੈ ਕਿ ਨਹੀਂ? ਕੁਰਬਾਨੀਆਂ ਦੇ ਇਤਿਹਾਸ ਪੱਖੋਂ ਦੇਸ਼ ਲਈ 95 ਫੀਸਦੀ ਸ਼ਹਾਦਤਾਂ ਦੇਣ ਵਾਲੀ ਪੰਜਾਬੀਆਂ ਨੂੰ 5 ਫੀਸਦੀ ਆਜ਼ਾਦ ਵਾਯੂ-ਮੰਡਲ ਵੀ ਨਸੀਬ ਨਹੀਂ ਹੋਇਆ। ਬੀਤੀ ਪੌਣੀ ਸਦੀ ਦੌਰਾਨ ਪੰਜਾਬੀਆਂ, 'ਖ਼ਾਸਕਰ ਸਿੱਖਾਂ' ਨੇ ਆਪਣੇ ਪਿੰਡੇ 'ਤੇ ਜੋ ਦਰਦ ਹੰਢਾਇਆ, ਉਸ ਬਾਰੇ ਸੋਚਦਿਆਂ ਉਹ ਕਿਵੇਂ ਤਿਰੰਗੇ ਨੂੰ ਸਲਾਮੀ ਦੇ ਸਕਦੇ ਹਨ? ਸੱਚ ਤਾਂ ਇਹ ਹੈ:

ਨਸਲਕੁਸ਼ੀ ਜੋ ਕਰ ਰਹੇ, ਸੱਤਾ ਵਿਚ ਮਗ਼ਰੂਰ।  
ਕਹਿਣ 'ਤਿਰੰਗਾ ਚਾੜ੍ਹਿਓ', ਸਾਨੂੰ ਨਾ ਮਨਜ਼ੂਰ ।

ਅੱਜ ਭਾਰਤ ਦੀ ਦਸ਼ਾ ਇਹ ਹੈ ਕਿ ਆਰਥਿਕ ਪੱਖੋਂ ਦੇਸ਼ ਦਾ 5 ਫੀਸਦੀ ਵਸ਼ਿਸ਼ਟ ਤੇ ਅਮੀਰ (ਅਡਾਨੀ, ਅੰਬਾਨੀ) ਵਰਗ 95 ਫੀਸਦੀ ਧਨ 'ਤੇ ਕਾਬਿਜ਼ ਹੋਇਆ ਬੈਠਾ ਹੈ, ਜਦ ਕਿ ਮੁਲਕ ਦੀ ਪਚਾਨਵੇਂ ਫੀਸਦੀ ਆਬਾਦੀ ਪੰਜ ਫੀਸਦੀ ਸਰੋਤਾਂ 'ਤੇ ਜ਼ਿੰਦਗੀ ਬਸਰ ਕਰ ਰਹੀ ਹੈ। ਕੁੱਲੀ, ਗੁੱਲੀ ਤੇ ਜੁੱਲੀ ਲਈ ਤਰਸਦੇ ਗਰੀਬੀ ਦਾ ਸ਼ਿਕਾਰ ਲੋਕਾਂ ਨੂੰ ਦੋ ਵਕਤ ਦੀ ਰੋਟੀ ਨਸੀਬ ਨਹੀਂ ਹੁੰਦੀ ਤੇ ਮਾਸੂਮ ਬੱਚੇ ਭੁੱਖੇ ਪੇਟ ਰੋਂਦਿਆਂ ਸੌਂ ਜਾਂਦੇ ਹਨ, ਅਜਿਹੇ ਦੁਖਿਆਰਿਆਂ ਲਈ ਆਜ਼ਾਦੀ ਕੋਈ ਅਰਥ ਨਹੀਂ ਰੱਖਦੀ। ਸੱਚ ਤਾਂ ਇਹ ਹੈ ਕਿ ਬਹੁਤੇ ਦੇਸ਼-ਵਾਸੀਆਂ ਨੂੰ ਤਾਂ ਇਲਮ ਹੀ ਨਹੀਂ ਕਿ ਆਜ਼ਾਦੀ ਕਿਸ ਸ਼ੈਅ ਦਾ ਨਾਂ ਹੈ, ਬਲਕਿ ਹੈਰਾਨੀ ਭਰੇ ਲਹਿਜੇ 'ਚ ਉਹ ਕਵੀ ਗੁਰਦਾਸ ਰਾਮ 'ਆਲਮ' ਵਾਂਗ ਇਉਂ ਸੁਆਲ-ਜੁਆਬ ਕਰਦੇ ਹਨ ;

''ਕਿਉਂ ਬਈ ਨਿਹਾਲਿਆ! ਆਜ਼ਾਦੀ ਨਹੀਂ ਵੇਖੀ?  
ਨਾ ਬਈ ਭਰਾਵਾ, ਨਾ ਖਾਧੀ ਨਾ ਵੇਖੀ।  
ਆਈ ਨੂੰ ਭਾਵੇਂ ਕਈ ਸਾਲ ਬੀਤੇ,  
ਪਰ ਅਸੀਂ ਤਾਂ ਅਜੇ ਤੱਕ ਦਰਸ਼ਨ ਨਹੀਂ ਕੀਤੇ।  
ਅਖ਼ਬਾਰਾਂ 'ਚੋਂ ਪੜ੍ਹਿਆ ਜਰਵਾਣੀ ਜਿਹੀ ਏ,  
ਕੋਈ ਸੋਹਣੀ ਨਹੀਂ, ਐਵੇਂ 'ਕਾਣੀ ' ਜਿਹੀ ਏ।''

1947 ਵਿੱਚ ਪਾਕਿਸਤਾਨ ਤੇ ਹਿੰਦੁਸਤਾਨ ਦੀ ਫਿਰਕੂ ਵੰਡ ਦੌਰਾਨ ਲੱਖਾਂ ਬੇਗੁਨਾਹ ਮਾਰੇ ਗਏ, ਪਰ 'ਆਜ਼ਾਦੀ' ਮਗਰੋਂ ਦੇਸ਼ ਦੀ ਫਿਰਕੂ ਰਾਜਨੀਤੀ ਦੇ ਸਿੱਟੇ ਵਜੋਂ ਇਹ ਫਸਾਦ ਘਟੇ ਨਹੀਂ, ਲਗਾਤਾਰ ਵੱਧਦੇ ਰਹੇ ਹਨ। ਦੇਸ਼ ਵਿੱਚ ਜੂਨ1984 ਵਿੱਚ ਦੁਖਾਂਤ ਤੇ ਮਗਰੋਂ ਬਾਬਰੀ ਮਸਜਿਦ ਦੁਖਾਂਤ ਅਜਿਹੀਆ ਫਿਰਕੂ ਅਤੇ ਦਰਦਨਾਕ ਘਟਨਾਵਾਂ ਹਨ, ਜੋ ਭਾਰਤ ਦੇ ਇਤਿਹਾਸ ਵਿੱਚ ਵੀਹਵੀਂ ਸਦੀ ਦੇ ਸਭ ਤੋਂ ਵੱਡੇ ਦੁਖਾਂਤ ਵਜੋਂ ਜਾਣੀਆਂ ਜਾਂਦੀਆਂ ਰਹਿਣਗੀਆਂ। ਸੱਤਾ ਦੇ ਧਰੁਵੀਕਰਨ ਦੀ ਕੋਹਝੀ ਤਸਵੀਰ ਦੇਖਣੀ ਹੋਵੇ, ਤਾਂ ਨਵੰਬਰ 1984 ਵਿੱਚ 'ਸਿੱਖ ਨਸਲਕੁਸ਼ੀ' ਦੇ ਦੁਖਾਂਤ ਹੋ ਸਪੱਸ਼ਟ ਹੋ ਜਾਂਦੀ ਹੈ। ਆਜ਼ਾਦ ਭਾਰਤ 'ਚ ਸਰਕਾਰੀ-ਤੰਤਰ ਦੀ ਆੜ 'ਚ ਹਜ਼ਾਰਾਂ ਸਿੱਖਾਂ ਦਾ ਕਤਲ ਹੋਇਆ, ਪਰ ਜਵਾਬ 'ਚ ਬਹੁਗਿਣਤੀ ਵੱਲੋਂ ਉਸ ਸਮੇਂ ਦੀ 'ਕਾਂਗਰਸ' ਨੂੰ ਸਭ ਤੋਂ ਵੱਡਾ ਬਹੁਮਤ ਹਾਸਿਲ ਹੋਇਆ। ਇਸ ਵਰਤਾਰੇ ਨੂੰ ਦੁਹਰਾਉਂਦੇ ਹੋਏ, ਸੰਨ 2002 ਵਿੱਚ ਗੁਜਰਾਤ ਅੰਦਰ ਮੁਸਲਿਮ ਕਤਲੇਆਮ ਹੋਇਆ, ਉਸ ਮਗਰੋਂ 'ਭਾਰਤੀ ਜਨਤਾ ਪਾਰਟੀ' ਨੂੰ ਬਹੁ-ਗਿਣਤੀ ਵੱਲੋਂ ਭਾਰੀ ਬਹੁਮਤ ਨਾਲ ਨਿਵਾਜਿਆ ਗਿਆ। ਦੇਸ਼ ਵਿੱਚ ਸਿਆਸਤਦਾਨਾਂ ਵੱਲੋਂ ਮਾਨਵਵਾਦ ਉਤੇ ਫਿਰਕੂਵਾਦ ਅਤੇ ਲੋਕਤੰਤਰ ਉਤੇ ਫਾਸ਼ੀਵਾਦ ਦੀ ਜਿੱਤ ਦਾ ਨੰਗਾ-ਚਿੱਟਾ ਪ੍ਰਚਾਰ ਕੀਤਾ ਜਾ ਰਿਹਾ ਹੈ। ਸ਼ਾਇਰ ਸ਼ੋਕ ਬਹਿਰਾਇਚੀ ਦਾ ਇਹ ਮਸ਼ਹੂਰ ਸ਼ੇਅਰ 'ਆਜ਼ਾਦੀ ਦੇ 78 ਸਾਲ' ਗੁਜ਼ਰ ਜਾਣ ਮਗਰੋਂ ਨਜ਼ਰ ਆ ਰਹੇ ਹਾਲਾਤ 'ਤੇ ਪੂਰਾ ਢੁਕਦਾ ਹੈ। ਬਸ ਏਕ ਹੀ ਉੱਲੂ ਕਾਫ਼ੀ ਥਾ


ਆਓ ਸਰੀ ਨੂੰ ਸਾਫ਼ ਰੱਖੀਏ।

ਗ਼ੈਰਕਾਨੂੰਨੀ ਢੰਗ ਨਾਲ ਕੂੜਾ ਨਾ ਸੁੱਟੋ।

ReTHINK WASTE

ਕੀ ਤੁਹਾਡੇ ਕੋਲ ਵੱਡੀਆਂ ਚੀਜਾਂ ਹਨ ਜਿਵੇਂ ਕਿ: ਗੱਦੇ, ਫ਼ਰਨੀਚਰ ਜਾਂ ਸਟੋਵ ਆਦਿ ਜਿਨਾਂ ਨੂੰ ਤੁਸੀ ਵਰਤਣਾ ਨਹੀ ਚਾਹੁੰਦੇ ਅਤੇ ਉਨਾਂ ਤੋ ਛੁਟਕਾਰਾ ਚਾਹੁੰਦੇ ਹੋ ?

ਸਰੀ ਵਾਸੀਆਂ ਲਈ ਮੁਫ਼ਤ ਸੇਵਾਵਾਂ

ਵੱਡੀਆਂ ਵਸਤੂਆਂ ਮੁਫ਼ਤ ਚੁੱਕਵਾਓ:

ਹਰ ਸਾਲ 6 ਤੋ 8 ਵੱਡੀਆਂ ਵਸਤੂਆਂ ਮੁਫ਼ਤ ਚੁੱਕਵਾਉਣ ਵਾਸਤੇ **surrey.ca/largeitems** ਜਾਂ 604-590-7289 ਤੇ ਕਾਲ ਕਰਕੇ 3 ਦਬਾਓ। ਬਿਨਾਂ ਅਪੋਇੰਟਮੈਂਟ ਦੇ ਬਾਹਰ ਰੱਖੀਆਂ ਚੀਜ਼ਾਂ ਨੂੰ ਗ਼ੈਰਕਾਨੂੰਨੀ ਡੰਪਿੰਗ ਲਈ ਜੁਰਮਾਨਾ ਕੀਤਾ ਜਾ ਸਕਦਾ ਹੈ।

ਵੱਡੀਆਂ ਚੀਜ਼ਾਂ ਸੁੱਟਣ ਦੇ ਹੋਰ ਤਰੀਕੇ :

ਤੁਸੀ **6711- 154 ਸਟਰੀਟ ਤੇ 9770-192 ਸਟਰੀਟ** ਤੇ ਪੈਂਦੇ ਰੀਸਾਈਕਲਿੰਗ ਸੈਂਟਰਾਂ 'ਤੇ ਜਾ ਕੇ ਵੀ ਸੁੱਟ ਸਕਦੇ ਹੋ। 24 ਸਤੰਬਰ ਤੱਕ ਹਰ ਘਰ ਇੱਕ ਵਾਰ 100 ਕਲਿੋਗ੍ਰਾਮ ਤੱਕ ਕੂੜਾ ਅਤੇ ਚਾਰ ਗੱਦੇ ਮੁਫ਼ਤ ਸੁੱਟ ਸਕਦੇ ਹਨ।

**ਜੇਕਰ ਤੁਸੀ ਗ਼ੈਰਕਾਨੂੰਨੀ ਢੰਗ ਨਾਲ ਕੂੜਾ ਸੁੱਟਦੇ ਹੋ, ਤਾਂ ਤੁਹਾਨੂੰ ਜੁਰਮਾਨਾ ਹੋ ਸਕਦਾ ਹੈ।**

ਡੰਪਿੰਗ ਨੂੰ ਰੋਕਣ ਲਈ ਗਸ਼ਤ ਅਤੇ ਕੈਮਰੇ ਵਧਾਏ ਜਾ ਰਹੇ ਹਨ।

$10,000 ਤੱਕ ਦੇ ਜੁਰਮਾਨੇ ਤੋ ਬਚਣ ਲਈ ਨਿਵਾਸੀਆਂ ਨੂੰ ਕੂੜੇ ਦਾ ਨਿਪਟਾਰਾ ਸਹੀ ਢੰਗ ਨਾਲ ਕਰਨਾ ਚਾਹੀਦਾ ਹੈ।



150809/2025

CITY OF SURREY

surrey.ca/**illegaldumping**

ਬਰਬਾਦ ਗੁਲਸਿਤਾਂ ਕਰਨੇ ਕੋ
ਹਰ ਸ਼ਾਖ਼ ਪੇ ਉਲੂ ਬੈਠਾ ਹੈ,
ਅੰਜਾਮ -ਏ-ਗੁਲਸਿਤਾਂ ਕਿਆ ਹੋਗਾ?'' ਢਾਂਚਾਗਤ ਨਸਲਵਾਦ ਦਾ ਬੋਲਬਾਲਾ ਸਿਖ਼ਰਾਂ ਨੂੰ ਛੂਹ ਰਿਹਾ ਹੈ। ਬਹੁ-ਸੰਖਿਆਵਾਦ ਦੀ ਦਹਿਸ਼ਤਗਰਦੀ ਦੇਸ਼ ਦੀਆਂ ਘੱਟ ਗਿਣਤੀਆਂ ਨੂੰ ਆਪਣੇ ਵਿੱਚ ਜਜ਼ਬ ਕਰਨ ਜਾਂ ਮੂਲੋਂ ਹੀ ਮਿਟਾਉਣ 'ਤੇ ਤੁਲੀ ਹੋਈ ਹੈ। ਸਰਕਾਰ ਦੀ ਅਲੋਚਨਾ ਕਰਨਾ ਸਭ ਤੋਂ ਵੱਡਾ ਜੁਰਮ ਹੈ। ਸੰਵਿਧਾਨ ਵਿਚਲੇ 'ਸੈਕੂਲਰਿਜ਼ਮ' ਭਾਵ ਧਰਮ ਨਿਰਪੱਖਤਾ ਦੇ ਸ਼ਬਦ ਚਾਹੇ ਲਿਖਤੀ ਰੂਪ 'ਚ ਅਜੇ ਹਟਾਏ ਨਹੀਂ ਗਏ, ਪਰ ਸੱਤਾ ਤੇ ਸਥਾਪਤੀ ਨੇ ਆਪਣੇ ਵਿਹਾਰ ਤੇ ਕਿਰਦਾਰ ਵਿਚੋਂ ਇਹ ਕਦੋਂ ਦੇ ਖਤਮ ਕਰ ਦਿੱਤੇ ਹਨ। ਜਦੋਂ 'ਵਾੜ ਹੀ ਖੇਤ ਨੂੰ ਖਾਣ' ਲੱਗ ਪਵੇ ਅਤੇ ਰੱਖਿਅਕ ਹੀ ਭੱਖਿਅਕ ਬਣ ਜਾਣ , ਤਾਂ ਪੀੜਤ ਦੇ ਬਚ ਸਕਣ ਦੀ ਆਸ ਮੁੱਕ ਜਾਂਦੀ ਹੈ। ਬਹੁ-ਸੰਖਿਆਵਾਦ ਦੀ ਦਹਿਸ਼ਤਗਰਦੀ ਹੋਰਨਾਂ ਕੌਮਾਂ ਦੀ ਜ਼ੁਬਾਨ ਅਤੇ ਪਛਾਣ ਨੂੰ ਆਪਣੇ ਵਿੱਚ ਜਜ਼ਬ ਕਰਨ ਜਾਂ ਮੂਲੋਂ ਹੀ ਮਿਟਾਉਣ 'ਤੇ ਤੁਲੀ ਹੋਈ ਹੈ। ਦੇਸ਼ ਦੇ ਸੈਂਕੜੇ 'ਬੁੱਧੀਜੀਵੀ' ਯੁ.ਏ.ਪੀ.ਏ. ਵਰਗੇ ਕਾਲੇ ਕਾਨੂੰਨਾਂ ਅਧੀਨ ਜੇਲ੍ਹਾਂ 'ਚ ਡੱਕੇ ਹੋਏ ਹਨ। 'ਸਿੱਖ ਕੈਦੀ' ਉਮਰ ਕੈਦਾਂ ਕੱਟਣ ਮਗਰੋਂ ਵੀ ਜੇਲ੍ਹਾਂ 'ਚ ਧੱਕੇ ਨਾਲ ਬੰਦ ਹਨ, ਜਿਹਨਾਂ ਦੀਆਂ ਰਿਹਾਈਆਂ ਨਹੀਂ ਹੋ ਰਹੀਆਂ।

ਚਿੰਤਕ ਜੇਲ੍ਹੀਂ ਬੰਦ ਨੇ, ਬੋਲਣ ਦਾ ਵੀ ਦੋਸ਼।
ਜਨਤਾ ਕੀਤੀ ਹਾਕਮਾਂ, ਸਿਵਿਆਂ ਵਾਂਗ ਖ਼ਾਮੋਸ਼।

1975 ਵਿੱਚ ਭਾਰਤ 'ਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਐਮਰਜੈਂਸੀ ਲਾ ਕੇ ਲੋਕਰਾਜੀ ਤਾਕਤਾਂ ਨਸ਼ਟ ਕਰਨਾ ਅਜਿਹੀ ਮੰਦਭਾਗੀ ਕਾਰਵਾਈ ਸੀ, ਜਿਸਨੇ ਆਜ਼ਾਦੀ ਦਾ ਸਿਧਾਂਤ ਹੀ ਬਰਬਾਦ ਕਰ ਦਿੱਤਾ। ਅੱਜ ਵੀ ਦੇਸ਼ 'ਚ ਵੱਖ-ਵੱਖ ਸੂਬਿਆਂ ਅੰਦਰ ਕੇਂਦਰ ਦੇ ਨੁਮਾਇੰਦੇ ਰਾਜਪਾਲਾਂ ਰਾਹੀ, ਸਰਕਾਰਾਂ ਤੋੜਨ ਅਤੇ ਸਿਆਸੀ ਖਰੀਦੋ-ਫ਼ਰੋਖ਼ਤ ਦਾ ਧੰਦਾ ਜ਼ੋਰਾ ਤੇ ਚਲ ਰਿਹਾ ਹੈ। ਅੱਜ ਦੀ 'ਅਣ-ਐਲਾਨੀ ਐਮਰਜੈਂਸੀ' ਹੋਰ ਵੀ ਵਧੇਰੇ ਖ਼ਤਰਨਾਕ ਹੈ। ਐਮਰਜੈਂਸੀ ਵੇਲੇ ਇੰਦਰਾ ਗਾਂਧੀ ਬਾਰੇ ਪ੍ਰਸਿੱਧ ਸ਼ਾਇਰ ਡਾ ਦੁਸ਼ਯੰਤ ਕੁਮਾਰ ਤਿਆਗੀ ਨੇ ਜੋ ਲਿਖਿਆ ਸੀ, ਅੱਜ ਉਹ ਮੋਦੀ ਸਰਕਾਰ 'ਤੇ ਵੀ ਪੂਰਾ ਢੁੱਕਦਾ ਹੈ;

"ਏਕ 'ਗੁੜੀਆ' ਕੀ ਕਈ ਕਠਪੁਤਲੀਓਂ ਮੇਂ ਜਾਨ
ਹੈ। ਆਜ ਸ਼ਾਇਰ ਯੇਹ ਤਮਾਸ਼ਾ ਦੇਖ ਕੇ ਹੈਰਾਨ ਹੈ।
ਮਸਲ ਹਤ ਆਮੇਜ਼ ਹੋਤੇ ਹੈ ਸਿਆਸਤ ਕੇ ਕਦਮ
ਤੂ ਨਾ ਸਮਝੇਗਾ ਅਭੀ ਤੂ ਅਭੀ ਇਨਸਾਨ ਹੈ।
ਕੱਲ੍ਹ ਨੁਮਾਇਸ਼ ਮੇਂ ਮਿਲਾ ਵੋਹ ਚੀਥੜੇ ਪਹਿਨੇ ਹੋਏ
ਮੈਨੇ ਪੂਛਾ ਨਾਮ ਬੋਲਾ 'ਹਿੰਦੋਸਤਾਨ' ਹੈ।

ਇਹ ਉਹੀ ਪੀੜਾ ਹੈ, ਜਿਹੜੀ ਲੋਕਾਂ ਅੰਦਰ ਫਿਰਕੂ ਸਾਂਝ ਨੂੰ ਤੋੜਨ ਅਤੇ ਤਨਾਓ ਵਧਾਓਣ ਦੀ ਹਾਲਤ 'ਚ, ਨਾਸੂਰ ਬਣਦੀ ਹੈ। ਦਰਅਸਲ ਇਹ 'ਆਜ਼ਾਦੀ ਦਾ ਮਹਾਂਉਤਸਵ' ਨਹੀਂ, ਸਗੋਂ 'ਦੇਸ਼ ਨੂੰ ਹਿੰਦੂ ਰਾਸ਼ਟਰ' ਬਣਾਉਣ ਦਾ ਆਖ਼ਰੀ ਪੜਾਅ ਹੈ, ਜਿਸ ਵਿੱਚ ਵੰਨ-ਸੁਵੰਨਤਾ ਨੂੰ ਮਲੀਆਮੇਟ ਕਰਨ ਲਈ 'ਇਕ ਦੇਸ਼ ਇਕ ਭਾਸ਼ਾ' ਵਰਗੇ ਨਾਅਰੇ ਦਿੱਤੇ ਜਾ ਰਹੇ ਹਨ। ਫਿਰਕੂ ਪੱਧਰ 'ਤੇ ਭਾਈਚਾਰਿਆਂ ਨੂੰ ਵੰਡਣ ਵਾਲੇ ਕਾਨੂੰਨ ਅਤੇ ਕਈ ਹੋਰ ਘੁਣਤਰਾਂ ਹੋ ਰਹੀਆਂ ਹਨ। ਦੇਸ਼ ਦੇ ਕੱਟੜ ਫ਼ਿਰਕੂ ਸ਼ਾਸਕ ਜੋ ਤਬਾਹੀ ਕਰ ਰਹੇ ਹਨ, ਉਹ ਵੇਖਦਿਆਂ ਪ੍ਰੋ. ਮੋਹਨ ਸਿੰਘ ਦੇ ਬੋਲ ਯਾਦ ਆ ਰਹੇ ਹਨ ਕਿ ਕਿਸ ਤਰ੍ਹਾਂ ਵਤਨ ਵੀਰਾਨ ਹੋ ਗਿਆ ਤੇ ਰਾਖਾ ਸ਼ੈਤਾਨ ਬਣ ਗਿਆ ਹੈ ;

"ਆ ਬਾਬਾ ਤੇਰਾ ਵਤਨ ਹੈ ਵੀਰਾਨ ਹੋ ਗਿਆ,
ਰੱਬ ਦੇ ਘਰਾਂ ਦਾ ਰਾਖਾ ਮੁੜ ਸ਼ੈਤਾਨ ਹੋ ਗਿਆ
'ਕਲਯੁੱਗ ਹੈ ਰੱਥ ਅਗਨ ਦਾ', ਤੂੰ ਆਪ ਆਖਿਆ,
ਮੁੜ ਕੂੜ ਓਸ ਰੱਥ ਦਾ, ਰਥਵਾਨ ਹੋ ਗਿਆ ।
ਉਹ ਝੁਲੀਆਂ ਤੇਰੇ ਦੇਸ਼ ਤੇ ਮਾਰੂ ਹਨੇਰੀਆਂ,
ਉਡ ਕੇ ਅਸਾਡਾ ਆਹਲਣਾ ਕੱਖ ਕਾਨ ਹੋ ਗਿਆ
ਇਕ ਪਾਸੇ ਪਾਕ, ਪਾਕੀ, ਪਾਕਿਸਤਾਨ ਹੋ ਗਿਆ,
ਇਕ ਪਾਸੇ ਹਿੰਦੂ, ਹਿੰਦੀ, ਹਿੰਦੁਸਤਾਨ ਹੋ ਗਿਆ।

ਗ਼ਦਰ ਪਾਰਟੀ ਦੇ ਪ੍ਰਧਾਨ ਬਾਬਾ ਸੋਹਣ ਸਿੰਘ ਭਕਨਾ ਨੂੰ,ਆਜ਼ਾਦੀ ਮਗਰੋਂ ਇਕ ਵਾਰ ਦੇਸ਼ ਦੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਵੱਲੋਂ ਪੁੱਛਿਆ ਇਹ ਸਵਾਲ ਕਿ ਬਾਬਾ ਜੀ, ਤੁਹਾਡੀ ਕਮਰ ਝੁਕ ਗਈ ਹੈ, ਦੇ ਜਵਾਬ 'ਚ ਬਾਬਾ ਭਕਨਾ ਨੇ ਕਿਹਾ ਸੀ ਕਿ ਅੰਗਰੇਜ਼ ਤਾਂ ਉਨ੍ਹਾਂ ਦੀ ਪਿੱਠ 'ਚ ਕੁੱਬ ਨਾ ਪਾ ਸਕੇ, ਪਰ ਆਜ਼ਾਦ ਦੇਸ਼ ਦੀ ਆਪਣੀ ਸਰਕਾਰ ਨੇ ਜ਼ਰੂਰ ਪਾ ਦਿੱਤਾ । ਅੱਜ 74 ਵਰ੍ਹੇ ਬੀਤਣ ਮਗਰੋਂ ਜੇਲ੍ਹਾਂ ਅੰਦਰ ਤਾੜੇ ਬੁੱਧੀਜੀਵੀ, ਸਿੱਖ ਅਤੇ ਮੁਸਲਿਮ ਨੌਜਵਾਨ ਤੇ ਸਿਆਸੀ ਆਲੋਚਕ ਵੀ ਬਾਬਾ ਭਕਨਾ ਵਾਂਗ ਹੀ ਮਹਿਸੂਸ ਕਰ ਰਹੇ ਹਨ। 'ਸ਼ੇਰਾਂ ਦੀ ਮਾਰਾਂ ਤੇ ਗਿੱਦੜਾਂ ਦੀਆਂ ਕਲੋਲਾਂ' ਵਾਂਗ ਜਿਹੜੇ ਕੋੜਮੇ ਨੇ ਆਜ਼ਾਦੀ 'ਚ ਹਿੱਸਾ ਪਾਉਣ ਦੀ ਥਾਂ, ਅੰਗਰੇਜ਼-ਪ੍ਰਸਤੀ ਕੀਤੀ, ਅੱਜ ਉਹ ਆਜ਼ਾਦੀ ਦੇ ਪ੍ਰਵਾਨਿਆਂ ਤੋਂ 'ਦੇਸ਼ ਪਿਆਰ' ਦੇ ਪ੍ਰਮਾਣ ਮੰਗ ਰਹੇ ਹਨ। ਦੇਸ਼ ਅੰਦਰ ਗਰੀਬੀ, ਅਨਪੜ੍ਹਤਾ, ਬੇਰੁਜ਼ਗਾਰੀ, ਸਿਆਸਤ ਦਾ ਅਪਰਾਧੀਕਰਨ, ਭ੍ਰਿਸ਼ਟਾਚਾਰ, ਜਬਰ- ਜਿਨਾਹ ਅਤੇ ਥਾਂ- ਥਾਂ ਮਨੁੱਖੀ ਕਤਲੇਆਮ ਹੋ ਰਹੇ ਹਨ। ਜਦੋਂ ਦੇਸ਼ ਦੀ ਸਰਕਾਰ ਦੇ ਖ਼ਿਲਾਫ਼ ਕਿਸਾਨ, ਮਜ਼ਦੂਰ, ਘੱਟ ਗਿਣਤੀਆਂ, ਸਾਰੇ ਹੀ ਸੜਕਾਂ 'ਤੇ ਰੋਸ ਪ੍ਰਗਟਾ ਰਹੇ ਹੋਣ ਅਜਿਹੇ ਸਮੇਂ ਜਸ਼ਨ ਨਹੀਂ ਮਨਾਏ ਜਾਂਦੇ, ਸਗੋਂ ਵਿਰੋਧ ਕੀਤਾ ਜਾਂਦਾ ਹੈ। ਅਜਿਹੀ ਹਾਲਤ 'ਚ ਹਰ ਬਸ਼ਰ ਦੇ ਜ਼ਿਹਨ 'ਚ ਅਲਾਮਾ ਇਕਬਾਲ ਦਾ ਇਹ ਸ਼ੇਅਰ ਚੋਟਾਂ ਮਾਰ ਰਿਹਾ ਹੈ,

''ਮੁੱਦਤੇਂ ਗੁਜ਼ਰੀ ਹੈਂ ਇਤਨੀਂ
ਰੰਜੋ ਗ਼ਮ ਸਹਿਤੇ ਹੂਏ।
ਸ਼ਰਮ ਸੀ ਆਤੀ ਹੈ
ਇਸ ਵਤਨ ਕੋ ਵਤਨ ਕਹਿਤੇ ਹੂਏ।

**ਡਾ. ਗੁਰਵਿੰਦਰ ਸਿੰਘ**
**604-825 1550**
ਕੋਆਰਡੀਨੇਟਰ, ਪੰਜਾਬੀ ਸਹਿਤ ਸਭਾ ਮੁਢਲੀ
ਐਬਟਸਫੋਰਡ ਬੀ ਸੀ ਕੈਨੇਡਾ





A-CLASS Appliance Rep.
*Stove *Fridges
*Washer *Dryers
*Dishwasher *Freezer
*Garburator *Hot Water Tank
*Hot Water Heating Furnace
GURJIT
CERTIFIED TECHNICIAN
(24Hrs)
Off: 604-543-6239
#103-12465-82Ave Surrey, BC



A-CLASS Electric Ltd.
*House *Commercial *Industrial *Renovation
*Town Houses Wiring *Build-In Vaccum
*Security System & Monitoring
*Intercom's Video Monitored Intercom
FREE ESTIMATES
Cell: 604-351-2538
Tel:604-596-5474
CLASS "A" CERTIFIED & LICENCED ELECTRICIANS
MANJIT



DAWN RENOVATION
Commercial & Residential
ਹਰ ਤਰ੍ਹਾਂ ਦੀ ਰੂਫਿੰਗ ਦਾ ਕੰਮ ਵੀ ਕੀਤਾ ਜਾਂਦਾ ਹੈ
ਬੇਸਮੈਂਟ ਰੈਨੋਵੇਸ਼ਨ * ਵਾਸ਼ਰੂਮ * ਕਿਚਨ ਅਤੇ ਸਨਡੈਕ * ਪਲਬਿੰਗ / ਹੀਟਿੰਗ * ਪੇਂਟਿੰਗ*
ਹਰ ਤਰ੍ਹਾਂ ਦੀ ਬਿਜਲੀ ਦਾ ਕੰਮ।
Certified Electrician, Builder, Construction & Development
ਨਵੇਂ ਅਤੇ ਪੁਰਾਣੇ ਘਰਾਂ ਦੀ ਰੈਨੋਵੇਸ਼ਨ ਦੇ ਮਾਹਿਰ
ਦਲਜੀਤ ਸਿੰਘ ਧਾਮੀ ਜਾਂ ਇੰਦਰਜੀਤ ਸਿੰਘ ਨੂੰ
ਮੁਫਤ ਐਸਟੀਮੇਟ ਲੈਣ ਲਈ ਫੋਨ ਕਰੋ
604-716-3534 / 778-881-0236
daljitsinghdhami@gmail.com



ਅਸੀਂ ਪੂਰੇ ਘਰ ਦੀ ਰੈਨੋਵੇਸ਼ਨ ਸਮੇਤ ਪਲਬਿੰਗ, ਹੀਟਿੰਗ, ਇਲੈਕਟ੍ਰੀਕਲ ਆਦਿ ਬਹੁਤ ਵਾਜਿਬ ਕੀਮਤਾਂ 'ਤੇ ਕਰਦੇ ਹਾਂ
ਲੱਖੀ ਰੈਨੋਵੇਸ਼ਨ
• ਵਾਸ਼ਰੂਮ ਅਤੇ ਕਿਚਨ ਦੀ ਰੈਨੋਵੇਸ਼ਨ
• ਬੇਸਮੈਂਟ ਦੀ ਰੈਨੋਵੇਸ਼ਨ
• ਡੋਰ ਐਂਡ ਮੋਲਡਿੰਗ
• ਵਲੇਮੀਨੇਟ ਫਲੋਰਿੰਗ ਅਤੇ ਬੇਸਬੋਰਡ
• ਫਲੋਰ ਅਤੇ ਵਾਲ ਟਾਈਲਜ਼
• ਪੁਰਾਣਾ ਅਤੇ ਨਵਾਂ ਪੁਰਾਣਾ ਸਨਡੈਕ
• ਘਰ ਨੂੰ ਵਧਾਉਣਾ
• ਪੇਟਿੰਗ
• ਕਾਰਪੇਂਟਰੀ
• ਪੌੜੀਆਂ
• ਫਿਨਸ਼ਿੰਗ
• ਫਰੇਮਿੰਗ
15 ਸਾਲਾ ਦਾ ਤਜ਼ਰਬਾ
ਹੋਰ ਜਾਣਕਾਰੀ ਲਈ ਫੋਨ ਕਰੋ :
ਪੂਰਾ ਕੰਮ ਸਮੇਂ ਅਤੇ ਵਾਜਿਬ ਰੇਟ 'ਤੇ ਗਰੰਟੀ ਨਾਲ ਕਰਦੇ ਹਾਂ
ਅਸੀਂ ਤਸੱਲੀਬਖਸ਼ ਕੰਮ ਕਰਦੇ ਹਾਂ
ਲੱਖਵਿੰਦਰ ਸੈਂਹਬੀ : 604-621-0206
lakhwindersembhi@yahoo.ca



STORM
ELECTRIC LTD.
Residential & Commercial
Licenced & Bonded
*All Kinds Of Electrical Service
*Best Rate
*Friendly Service
*Quality Workmanship
Mandeep Dhaliwal
(Certified Electrician)
778-994-7207
Email:stormelectricltd@gmail.com




Up-To-Date Finishing
ਅਸੀਂ ਪੁਰਾਣੇ ਘਰਾਂ ਦੀ ਹਰ ਤਰ੍ਹਾਂ ਦੀ ਰੈਨੋਵੇਸ਼ਨ ਕਰਦੇ ਹਾਂ
We are specialized in Custom Wood Working:
Residential & Commercial Renovations
•Doors
•Mouldings
•Fire Place
•Base Board
•Hardy Plank
•Wood Floor
Sanjeev Dhir
sanjeevkumarsk52@gmail.com
778.320.9413



# ਹੁਣ ਸੀਤਾ ਮੰਦਰ

ਕੁਝ ਦਿਨ ਪਹਿਲਾਂ ਬਿਹਾਰ ਦੇ ਸੀਤਾਮੜ੍ਹੀ ਵਿੱਚ ਬਿਹਾਰ ਸਰਕਾਰ ਨੇ ਵਿਸ਼ਾਲ ਸੀਤਾ ਮੰਦਰ ਦੇ ਨਿਰਮਾਣ ਦੀ ਸ਼ੁਰੂਆਤ ਕੀਤੀ। ਮੁੱਖ ਮੰਤਰੀ ਨਿਤੀਸ਼ ਕੁਮਾਰ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੁਨੌਰਾ ਧਾਮ ਵਿੱਚ ਜਾਨਕੀ ਜਨਮ ਸਥੱਲੀ ਲਈ ਭੂਮੀ ਪੂਜਨ ਕੀਤਾ। ਦੋਨੋਂ ਇਸ ਧਾਰਮਕ ਮੌਕੇ ’ਤੇ ਮੁੱਖ ਜਜਮਾਨ ਸਨ। ਮੰਦਰ ਲਈ 165 ਕਰੋੜ 87 ਲੱਖ ਰੁਪਏ ਦੀ ਜ਼ਮੀਨ ਖਰੀਦੀ ਗਈ ਹੈ। ਨਿਰਮਾਣ ’ਤੇ ਕੁਲ ਮਿਲਾ ਕੇ 882 ਕਰੋੜ 87 ਲੱਖ ਰੁਪਏ ਖਰਚ ਆਉਣ ਦਾ ਅਨੁਮਾਨ ਹੈ। ਇਹ ਲਾਗਤ ਸਮੇਂ ਦੇ ਨਾਲ ਵਧਦੀ ਜਾਏਗੀ। ਭਾਰਤ ਦਾ ਸੰਵਿਧਾਨ ਧਰਮ ਨਿਰਲੇਪ ਹੈ ਤੇ ਸਰਕਾਰ ਨੂੰ ਧਾਰਮਕ ਮਾਮਲਿਆਂ ਵਿੱਚ ਪੈਣ ਦੀ ਆਗਿਆ ਨਹੀਂ ਦਿੰਦਾ, ਪਰ ਹੁਣ ਭਾਰਤ ਦੀ ਸਿਆਸਤ ਏਨੀ ਹਿੰਦੂਤਵਮੁਖੀ ਹੋ ਚੁੱਕੀ ਹੈ ਕਿ ਧਰਮ ਨਿਰਲੇਪ ਸਿਆਸੀ ਪਾਰਟੀਆਂ ਇਤਰਾਜ਼ ਜਤਾਉਣ ਦੀ ਹਿੰਮਤ ਨਹੀਂ ਕਰਦੀਆਂ, ਜਿਵੇਂ ਆਜ਼ਾਦੀ ਦੇ ਤੁਰੰਤ ਬਾਅਦ ਸੋਮਨਾਥ ਮੰਦਰ ਦੀ ਕਾਰ ਸੇਵਾ ਸਮੇਂ ਮਹਾਤਮਾ ਗਾਂਧੀ ਨੇ ਸਰਕਾਰੀ ਖਜ਼ਾਨੇ ਵਿੱਚੋਂ ਕਿਸੇ ਤਰ੍ਹਾਂ ਪੈਸੇ ਦੇਣ ਨੂੰ ਗਲਤ ਦੱਸਿਆ ਸੀ ਅਤੇ ਪ੍ਰਧਾਨ ਮੰਤਰੀ ਨਹਿਰੂ ਨੇ ਰਾਸ਼ਟਰਪਤੀ ਰਜਿੰਦਰ ਪ੍ਰਸਾਦ ਦੇ ਮੰਦਰ ਦੇ ਪ੍ਰੋਗਰਾਮ ’ਚ ਬਤੌਰ ਰਾਸ਼ਟਰਪਤੀ ਸ਼ਾਮਲ ਹੋਣ ’ਤੇ ਇਤਰਾਜ਼ ਜਤਾਇਆ ਸੀ।

ਅਯੁੱਧਿਆ ਵਿੱਚ ਰਾਮ ਮੰਦਰ ਬਣਾਉਣ ਦਾ ਐਲਾਨ ਹੁੰਦਿਆਂ ਬਿਹਾਰ ਵਿੱਚ ਆਪੋਜ਼ੀਸ਼ਨ ਪਾਰਟੀਆਂ ਨੇ ਰੌਲਾ ਪਾਇਆ ਕਿ ਸੀਤਾ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ। ਰਾਮ ਮੰਦਰ ਵਿੱਚ ਰਾਮ ਦੇ ਨਾਲ ਸੀਤਾ ਨੂੰ ਬਰਾਬਰ ਸਨਮਾਨ ਨਹੀਂ ਦਿੱਤਾ ਗਿਆ। ਉਸੇ ਸਮੇਂ ਸੀਤਾਮੜ੍ਹੀ ਵਿੱਚ ਸੀਤਾ ਮੰਦਰ ਬਣਾਉਣ ਦੀ ਭੂਮਿਕਾ ਬਣਨ ਲੱਗੀ ਸੀ। ਹੁਣ ਅਸੈਂਬਲੀ ਚੋਣਾਂ ਤੋਂ ਐਨ ਪਹਿਲਾਂ ਬਿਹਾਰ ਸਰਕਾਰ ਨੇ ਸੀਤਾ ਦਾ ਸਨਮਾਨ ਸ਼ੁਰੂ ਕਰ ਦਿੱਤਾ ਹੈ। ਅਮਿਤ ਸ਼ਾਹ ਨੇ ਇਸ ਮੌਕੇ ਕਿਹਾ ਕਿ ਇਹ ਮਾਤਰ ਮੰਦਰ ਦਾ ਸ਼ੁਭ ਆਰੰਭ ਨਹੀਂ, ਮਿਥਿਲਾ ਤੇ ਬਿਹਾਰ ਦੇ ਲੋਕਾਂ ਦੇ ਭਾਗ ਖੁੱਲ੍ਹਣ ਦਾ ਸ਼ੁਭ ਆਰੰਭ ਹੈ। ਜੇ ਬਿਹਾਰ ਦੀ ਵਿਚਾਰੀ ਜਨਤਾ ਦੇ ਭਾਗ ਸੀਤਾ ਮਾਤਾ ਦੇ ਮੰਦਰ ਨਾਲ ਜੁੜੇ ਸਨ ਤਾਂ ਪਿਛਲੇ 18 ਸਾਲ ਤੋਂ ਨਿਤੀਸ਼ ਸਰਕਾਰ ਤੇ ਪਿਛਲੇ 11 ਸਾਲ ਤੋਂ ਕੇਂਦਰ ਵਿੱਚ ਭਾਜਪਾ ਸਰਕਾਰ ਨੂੰ ਕਿਉਂ ਢੋਹ ਰਹੀ ਸੀ? ਜੇ ਰਾਮ ਤੇ ਸੀਤਾ ਹੀ ਕਿਸਮਤ ਦਾ ਫੈਸਲਾ ਕਰਨ ਵਾਲੇ ਹਨ ਤਾਂ ਸਰਕਾਰਾਂ ਦਾ ਕੀ ਮਤਲਬ?

ਸੀਤਾ ਮੰਦਰ ਦਾ ਰੂਹਾਨੀ ਉਦੇਸ਼ ਹੈ ਜਾਂ ਸੰਸਾਰਕ? ਸ਼ਾਹ ਨੇ ਸਪੱਸ਼ਟ ਕਰ ਦਿੱਤਾ ਕਿ ਉਨ੍ਹਾ ਲਈ ਇਹ ਸ਼ੁੱਧ ਸੰਸਾਰਕ ਮਾਮਲਾ ਹੈ। ਉਨ੍ਹਾ ਸੀਤਾ ਦੀ ਮਹਿਮਾ ਦੇ ਗਾਇਨ ਦੀ ਥਾਂ ਆਪੋਜ਼ੀਸ਼ਨ ਪਾਰਟੀਆਂ ’ਤੇ ਹਮਲੇ



ਕੀਤੇ। ਬਿਹਾਰ ਵਿੱਚ ਵੋਟਰ ਸੂਚੀ ਨੂੰ ਲੈ ਕੇ ਚੱਲ ਰਹੇ ਵਿਰੋਧ ਦੀ ਨਿੰਦਾ ਕੀਤੀ, ਘੁਸਪੈਠੀਆਂ ਨੂੰ ਵੋਟ ਨਾ ਪਾਉਣ ਦੇਣ ਦਾ ਸੰਕਲਪ ਦੁਹਰਾਇਆ। ਇਹ ਭਾਸ਼ਣ ਇਸ ਗੱਲ ਦਾ ਸੰਕੇਤ ਸੀ ਕਿ ਇਹ ਮੰਦਰ ਨਿਰਮਾਣ ਇੱਕ ਹਿੰਦੂਤਵਵਾਦੀ ਸਿਆਸੀ ਪ੍ਰੋਜੈਕਟ ਦਾ ਹਿੱਸਾ ਹੈ, ਜਿਵੇਂ ਅਯੁੱਧਿਆ ਦਾ ਰਾਮ ਮੰਦਰ। ਇਸ ਦਾ ਰਾਮ ਤੇ ਸੀਤਾ ਪ੍ਰਤੀ ਸ਼ਰਧਾ ਨਾਲ ਕੋਈ ਲੈਣਾ-ਦੇਣਾ ਨਹੀਂ। ਭਾਜਪਾ ਦੇ ਇਸ ਹਿੰਦੂਤਵਵਾਦੀ ਮੁਹਿੰਮ ਵਿੱਚ ਮੁਸਲਮਾਨਾਂ ਦੇ ਪ੍ਰੋਗਰਾਮਾਂ ਵਿੱਚ ਟੋਪੀ ਪਾਉਣ ਵਾਲੇ ਨਿਤੀਸ਼ ਕੁਮਾਰ ਵੀ ਉਤਸ਼ਾਹ ਨਾਲ ਸ਼ਾਮ

# ਮੋਦੀ ਨੇ ਯੂਕਰੇਨ ਦੇ ਰਾਸ਼ਟਰਪਤੀ ਜ਼ੇਲੈਂਸਕੀ ਨਾਲ ਕੀਤੀ ਗੱਲਬਾਤ

ਨਵੀਂ ਦਿੱਲੀ:ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਯੂਕਰੇਨ ਦੇ ਰਾਸ਼ਟਰਪਤੀ ਵੋਲੋਡੀਮੀਰ ਜ਼ੇਲੈਂਸਕੀ ਨੂੰ ਕਿਹਾ ਕਿ ਭਾਰਤ ਯੂਕਰੇਨ ਵਿਵਾਦ ਦੇ ਸ਼ਾਂਤੀਪੂਰਨ ਹੱਲ ਲਈ ਹਰ ਸੰਭਵ ਯੋਗਦਾਨ ਦੇਣ ਲਈ ਵਚਨਬੱਧ ਹੈ।

ਦੋਹਾਂ ਨੇਤਾਵਾਂ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਉਨ੍ਹਾਂ ਦੇ ਰੂਸੀ ਹਮਰੁਤਬਾ ਵਲਾਦੀਮੀਰ ਪੂਤਿਨ ਵਿਚਾਲੇ ਟਕਰਾਅ ਉਤੇ ਸਿਖਰ ਬੈਠਕ ਤੋਂ ਪਹਿਲਾਂ ਫੋਨ ਉਤੇ ਗੱਲਬਾਤ ਕੀਤੀ।ਮੋਦੀ ਨੇ ਸੋਸ਼ਲ ਮੀਡੀਆ ਉਤੇ ਇਕ ਪੋਸਟ ’ਚ ਕਿਹਾ ਕਿ ਉਨ੍ਹਾਂ ਨੇ ਸੰਘਰਸ਼ ਦੇ ਜਲਦੀ ਅਤੇ ਸ਼ਾਂਤੀਪੂਰਨ ਹੱਲ ਦੀ ਜ਼ਰੂਰਤ ਉਤੇ ਭਾਰਤ ਦੇ ਸਥਿਰ ਰੁਖ ਤੋਂ ਜਾਣੂ ਕਰਵਾਇਆ। ਪ੍ਰਧਾਨ ਮੰਤਰੀ ਨੇ ਕਿਹਾ, ‘‘ਰਾਸ਼ਟਰਪਤੀ ਜ਼ੇਲੈਂਸਕੀ ਨਾਲ ਗੱਲ ਕਰਨ ਅਤੇ ਹਾਲ ਹੀ ਦੇ ਘਟਨਾਕ੍ਰਮ ਉਤੇ ਉਨ੍ਹਾਂ ਦੇ ਦ੍ਰਿਸ਼ਟੀਕੋਣ ਸੁਣਨ ਲਈ ਖੁਸ਼ ਹਾਂ। ਮੈਂ ਸੰਘਰਸ਼ ਦੇ ਜਲਦੀ ਅਤੇ ਸ਼ਾਂਤੀਪੂਰਨ ਹੱਲ ਦੀ ਜ਼ਰੂਰਤ ਉਤੇ ਭਾਰਤ ਦੇ ਸਥਿਰ ਰੁਖ ਤੋਂ ਜਾਣੂ ਕਰਵਾਇਆ।’


# HOME IMPROVEMENT



SINGH RAJ
RENOVATION CO.
We noticed your house needs minor repair
Unsure ofyourhousehold fixtures?
Just to replace or repair? Get it Done Today!




We guaranteed Singh Raj Renovation is the smartest choice for household small jobs
*Residential Wooden Stairs Jobs
*Residential Doors & Lock Jobs
*Painting & Cleaning Jobs
*Wooden Cabinets Repair & Paint
*Minor Electrical Trouble Shooting & Replacement of Lights, Washroom fans, Range hoods
*Touble Shooting in Plumbing *Replacement of Tiles, Taps, Faucets.
SPECIALISTS IN
Maintain+Repair & New Installation
Reasonable Rates
20Yrs Exprienced
Call Raj: 778-229-9261

TOOR LANDSCAPING & FENCE
RESIDENTIAL & COMMERCIAL
• ਅਸੀਂ ਨਵੇਂ ਅਤੇ ਪੁਰਾਣੇਂ ਘਰਾਂ ਵਿੱਚ ਫੈਂਸ ਲਾਉਣ ਦਾ ਕੰਮ ਕਰਦੇ ਹਾਂ।
• 2X3 ਦਾ ਫਰੇਮ ਸੋਲਿਡ $210 ਦਾ ਪੈਨਲ
• ਪੁਰਾਣੀਂ ਚੁੱਕ ਕੇ ਲੈ ਜਾਂਦੇ ਹਾਂ।
• ਕੰਮ ਦੀ ਪੂਰੀ ਪੂਰੀ ਗਰੰਟੀ ਹੈ।
• ਸਾਡੇ ਰੇਟ ਬਹੁਤ ਹੀ ਵਾਜ਼ਬ ਹਨ।



ਅਸੀਂ ਸਪੈਸ਼ਲ ਰੇਟਾਂ ਤੇ ਫੈਂਸ ਲਾਉਂਦੇ ਹਾਂ
ਅਸੀਂ ਲੋਹੇ ਅਤੇ ਵਾਈਨਲ ਦੀ ਫੈਂਸ ਵੀ ਲਾਉਂਦੇ ਹਾਂ
ਹੋਰ ਜਾਣਕਾਰੀ ਲਈ ਜਗਤਾਰ ਨੂੰ ਫੋਨ ਕਰੋ
ਅਸੀਂ ਮਸ਼ਰੂਮ ਦਾ ਢੇਰ ਡਿਲੀਵਰ ਕਰਦੇ ਹਾਂ ਅਤੇ ਪਾ ਕੇ ਵੀ ਜਾਂਦੇ ਹਾਂ।
604-729-3225
ਅਸੀਂ ਸਨ ਡੈੱਕ ਦੇ ਸਟੈਪ ਵੀ ਬਣਾਉਂਦੇ ਹਾਂ।
ਅਸੀਂ ਕਾਂਵਾਂ ਦਾ ਪੁੱਟਿਆ ਹੋਇਆ ਘਾਹ ਵੀ ਫਿਕਸ ਕਰਦੇ ਹਾਂ

ਪੁਰਾਣੇ ਘਰਾਂ ਦੀ ਮੁਕੰਮਲ ਰੇਨੋਂਵੇਸ਼ਨ ਦਾ ਕੰਮ ਬਹੁਤ ਹੀ ਵਾਜਬ ਰੇਟਾਂ ਅਤੇ ਤਸੱਲੀਬਖਸ਼ ਕੀਤਾ ਜਾਂਦਾ ਹੈ। ਫਰੇਮਿੰਗ, ਡਰਾਈਵਾਲ, ਪੇਟਿੰਗ, ਟਾਇਲਜ਼, ਲੈਮੀਨੇਟ, ਇਲਕਟ੍ਰੀਕਲ ਪਲੰਬਿੰਗ ਅਤੇ ਫੈਨਸਿੰਗ ਦੇ ਕੰਮਾਂ ਵਿਚ ਮਾਹਿਰ



Contact for Kitchen Cabinet & Counter Tops in Homes
ਘਰ ਜਾਂ ਬੇਸਮੈਂਟ ਰਿਪੇਅਰ ਕਰਵਾਉਣ ਲਈ ਸੰਪਰਕ ਕਰੋ
236-234-4081

ਸੰਦਲ ਰੈਨੋਵੇਸ਼ਨ
Your's Complete Home Renovation
* ਫਰੇਮਿੰਗ * ਇਲੈਕਟ੍ਰੀਕਲ
* ਡਰਾਈਵਾਲ * ਪਲਬਿੰਗ
* ਪੇਂਟਿੰਗ * ਕਾਰਪੈਟ
* ਟਾਈਲਜ਼ * ਰੂਫਿੰਗ ਦਾ ਕੰਮ
* ਲੈਮੀਨੇਟ * ਸਨਡੈਕ ਦੀ ਰਿਪੇਅਰ
ਮੁਫਤ ਐਸਟੀਮੇਟ ਲਈ ਸੰਪਰਕ ਕਰੋ
ਭਿੰਦਰ: 604-725-6270

GARCHA Plumbing Heating & Repair Ltd.



15 Yrs Experience
ਨਵੇਂ ਪੁਰਾਣੇ ਘਰਾਂ ਦੀ ਹੀਟਿੰਗ ਅਤੇ ਪਲਬਿੰਗ
* Hot Water Tank Replacement
* Boiler & Furnace Repair
* Drain Cleaning
* Certified Plumber



ਹਾਟ ਵਾਟਰ ਟੈਂਕ ਉਸੇ ਦਿਨ ਬਦਲ ਦੇ ਹਾਂ
Amarjit Singh Garcha
604-306-3276
Big Or Small, We Do It All

BT LINE PAINTING CO.
ਟੋਪਲਾਈਨ ਪੇਂਟਿੰਗ ਅਸੀਂ ਸਨਡੈਕ ਵੀ ਬਣਾਉਂਦੇ ਹਾਂ
SPECIALIZING IN:
Spray & Roller Panting * Interior & Exterior * Pressure Washing*
ਅਸੀਂ ਰੀ-ਰੂਫੀਂਗ, ਫਰੇਮਿੰਗ ਅਤੇ ਡਰਾਈਵਾਲ ਦਾ ਕੰਮ ਵੀ ਕਰਦੇ ਹਾਂ।
ਹਰ ਕਿਸਮ ਦੀ ਰੈਨੋਵੇਸ਼ਨ, ਵਾਸ਼ਰੂਮ, ਹਾਰਡਵੂਡ ਫਲੋਰਿੰਗ, ਬੇਸਮੈਂਟ, ਟਾਈਲਾਂ ਆਦਿ
ਕਮਰਸ਼ੀਅਲ ਐਂਡ ਰੈਜ਼ੀਡੈਂਸ਼ੀਅਲ * ਕੁਆਲਟੀ ਵਰਕ * ਵਾਜਬ ਰੇਟ
For FREE estimates call Mr. Kulwant Singh Boyal
Cell: 604-340-7497 Res: 604-543-8064

# ਭਾਰਤ ਤੇ ਪਾਕਿਸਤਾਨ ਨੂੰ ਲੜਨੋਂ ਮੈਂ ਹੀ ਹਟਾਇਆ ਸੀ:ਟਰੰਪ

ਵਾਸ਼ਿੰਗਟਨ:ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੁੜ ਦਾਅਵਾ ਕੀਤਾ ਹੈ ਕਿ ਉਨ੍ਹਾਂ ਭਾਰਤ ਤੇ ਪਾਕਿਸਤਾਨ ਵਿਚਾਲੇ ਚਾਰ ਦਿਨ ਚੱਲੇ ਫੌਜੀ ਟਕਰਾਅ ਮਗਰੋਂ 'ਹਾਲਾਤ ਨੂੰ ਸੰਭਾਲ ਲਿਆ ਸੀ', ਜੋ ਇਕ 'ਪ੍ਰਮਾਣੂ ਜੰਗ' ਵਿੱਚ ਬਦਲ ਸਕਦਾ ਸੀ। ਟਰੰਪ ਨੇ ਵ੍ਹਾਈਟ ਹਾਊਸ ਵਿਚ ਸ਼ੁੱਕਰਵਾਰ ਇਹ ਦਾਅਵਾ ਵੀ ਕੀਤਾ ਕਿ ਇਸ ਟਕਰਾਅ ਦੌਰਾਨ ਪੰਜ ਜਾਂ ਛੇ ਜਹਾਜ਼ ਡੇਗ ਲਏ ਗਏ ਸਨ।ਉਧਰ, ਭਾਰਤ ਇਹ ਦਾਅਵਾ ਕਰਦਾ ਆਇਆ ਹੈ ਕਿ ਦੋਵਾਂ ਮੁਲਕਾਂ (ਭਾਰਤ-ਪਾਕਿਸਤਾਨ) ਨੇ ਆਪਣੀ ਫੌਜੀ ਕਾਰਵਾਈ ਆਪਸੀ ਗੱਲਬਾਤ ਜ਼ਰੀਏ ਰੋਕੀ ਸੀ ਤੇ ਇਸ ਵਿੱਚ ਅਮਰੀਕਾ ਦੀ ਕੋਈ ਵਿਚੋਲਗੀ ਨਹੀਂ ਸੀ। ਟਰੰਪ ਨੇ ਇਹ ਬਿਆਨ ਅਜ਼ਰਬਾਇਜਾਨ ਦੇ ਰਾਸ਼ਟਰਪਤੀ ਇਲਹਾਮ ਅਲੀਯੇਵ ਤੇ ਅਰਮੀਨੀਆ ਦੇ ਪ੍ਰਧਾਨ ਮੰਤਰੀ ਨਿਕੋਲ ਪਾਸ਼ਿਨਯਾਨ ਦੀ ਮੌਜੂਦਗੀ ਵਿਚ ਦਿੱਤਾ। ਇਹ ਤਿੰਨੋਂ ਆਗੂ ਇਕ ਤਿੰਨ-ਧਿਰੀ ਸਮਝੌਤੇ 'ਤੇ ਦਸਤਖਤ ਲਈ ਰੱਖੇ ਸਮਾਗਮ ਵਿਚ ਸ਼ਾਮਲ ਹੋਏ, ਜਿੱਥੇ ਅਮਰੀਕਾ ਦੀ ਵਿਚੋਲਗੀ ਨਾਲ ਇੱਕ ਸ਼ਾਂਤੀ ਸਮਝੌਤੇ 'ਤੇ ਸਹੀ ਪਾਈ ਗਈ। ਟਰੰਪ ਨੇ ਕਿਹਾ, 'ਰਾਸ਼ਟਰਪਤੀ ਵਜੋਂ ਮੇਰੀ ਸਭ ਤੋਂ ਵੱਡੀ ਇੱਛਾ ਵਿਸ਼ਵ ਵਿੱਚ ਸ਼ਾਂਤੀ ਤੇ ਸਥਿਰਤਾ ਯਕੀਨੀ ਬਣਾਉਣਾ ਹੈ। ਅੱਜ ਦਾ ਇਹ ਸਮਝੌਤਾ ਭਾਰਤ ਤੇ ਪਾਕਿਸਤਾਨ ਨਾਲ ਸਾਡੀ ਸਫਲਤਾ ਤੋਂ ਬਾਅਦ ਹੋਇਆ ਹੈ।' ਅਮਰੀਕੀ ਰਾਸ਼ਟਰਪਤੀ ਨੇ ਕਿਹਾ, 'ਉਹ ਇਕ-ਦੂਜੇ ਖਿਲਾਫ ਪੂਰੀ ਤਾਕਤ ਨਾਲ ਲੜ ਰਹੇ ਸਨ, ਹਾਲਾਤ ਕਾਫੀ ਗੰਭੀਰ ਹੋ ਗਏ ਸਨ, ਪਰ ਜਿਵੇਂ ਕਿ ਤੁਸੀਂ ਜਾਣਦੇ ਹੋ, ਇਕ ਵੱਡਾ ਟਕਰਾਅ ਸ਼ਾਇਦ ਪ੍ਰਮਾਣੂ ਜੰਗ ਹੋ ਸਕਦੀ ਸੀ, ਪਰ ਠੀਕ ਪਹਿਲਾਂ ਦੋਵੇਂ ਮਹਾਨ ਆਗੂ ਇਕੱਠੇ ਆਏ ਤੇ ਹਾਲਾਤ ਨੂੰ ਸੰਭਾਲਿਆ।'











ਸੋਫਾ ਫੈਕਟਰੀ
LOWEST PRICES IN TOWN
ਸਟੋਰ ਤੇ ਆ
ਕੇ ਵੇਖੋ
Biggest Sale of the Year
ਇੱਥੇ ਹਰ ਤਰਾਂ ਦੇ ਟਰੱਕਾਂ ਦੇ ਮੇਟਰੈਸ
ਅਤੇ ਫੋਮ ਦੇ ਗੱਦੇ ਮਿਲਦੇ ਹਨ।
2 PCS SOFA & LOVE SEAT
$1650
2 PCS SOFA & LOVE SEAT
$1650
ਤੁਹਾਡੇ ਘਰ ਆ ਕੇ ਮਿਣਤੀ ਕਰ ਕੇ
ਕਸਟਮ ਸੈਕਸ਼ਨਲ ਬਣਾਉਂਦੇ ਹਾਂ।
ਤੁਸੀਂ ਆਪਣੀ ਮਰਜ਼ੀ ਦਾ ਕੱਪੜਾ
ਤੇ ਰੰਗ ਸਿਲੈਕਟ ਕਰ ਸਕਦੇ ਹੋ
ਕੈਨੇਡਾ ਦੇ ਬਣੇ ਹੋਏ ਬਾਕਸ ਬੈੱਡ ਅਤੇ ਫੋਮ ਦੇ ਮੈਟਰਸ ਕਿਸੇ ਵੀ ਸਾਇਜ਼ ਵਿਚ ਮਿਲਦੇ ਹਨ
B&B FURNITURE
12732-80TH AVE. SURREY
604.594.6533
ਪੰਜਾਬ ਕਲਾਥ ਦੇ
ਬਿਲਕੁਲ ਸਾਹਮਣੇ


GE
+91 77175-02848
+91 98146-12006
+91 99882-68982
+1 778-899-1576
+1 778-207-8100
EAGLE EYE
PICK & DROP TAXI SERVICE
CAR RENTALS & TAXI SERVICE
24 HOURS DELHI AIRPORT SERVICE
ONE WAY TAXI
SELF DRIVE
TOUR PACKAGES
Long Route Tour Packages Available With Urbania 17 Seater
SURREY: #256 12899-76Ave
KHANNA: Near Shri Saraswati Sanskrit College Samadhi Rd
ਦਿੱਲੀ, ਚੰਡੀਗੜ੍ਹ, ਅੰਮ੍ਰਿਤਸਰ ਏਅਰਪੋਰਟ ਤੋਂ ਸਾਰੇ ਪੰਜਾਬ ਵਿਚ ਸਰਵਿਸ ਦਿੰਦੇ ਹਾਂ
ਫਗਵਾੜਾ
ਜਲੰਧਰ
ਨਕੋਦਰ
ਮੋਗਾ
ਅੰਮ੍ਰਿਤਸਰ
ਨਵਾਂ ਸ਼ਹਿਰ
ਲੁਧਿਆਣਾ
ਚੰਡੀਗੜ੍ਹ
ਫਿਲੌਰ
BOOK NOW!
24/7 CUSTOMER SUPPORT
*ਦਿੱਲੀ ਤੋਂ ਪੰਜਾਬ ਵਨ ਵੇਅ ਸਰਵਿਸ
*ਟਰੈਕਿੰਗ ਸਿਸਟਮ
*24 ਘੰਟੇ ਸਰਵਿਸ
WE OFFER
VARIETY OF CARS
OPTION FOR YOUR COMFORT
*ਵੱਡੇ ਪਰਿਵਾਰ ਜਾਂ ਛੋਟੇ ਪਰਿਵਾਰ ਲਈ ਗੱਡੀ
*ਡਰਾਈਵਰ ਜਾਂ ਬਿਨਾ ਡਰਾਈਵਰ ਤੋਂ ਗੱਡੀ ਲੈ ਸਕਦੇ ਹੋ
BOOK CAR RENTALS
UPDOWN 160 DOLLAR TILL LUDHIANA
UPDOWN 200 DOLLAR TILL JALANDHAR
UPDOWN 300 DOLLAR TILL AMRITSAR
TAXI
ONE WAY TAXI SERVICES
FROM DELHI AIRPORT
JALANDHAR
LUDHIANA
HOSHIARPUR
CHANDIGARH
AMRITSAR
MOGA
BEST RATES